SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 201 | Thursday, November 02, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਹੋਲੋਕਾਸਟ ਦੇ ਵਿਸ਼ੇ ਨੂੰ ਪਾਠਕ੍ਰਮ ਵਿੱਚ ਲਾਜ਼ਮੀ ਕਰੇਗੀ ਓਨਟਾਰੀਓ ਸਰਕਾਰ

ਓਨਟਾਰੀਓ, 1 ਨਵੰਬਰ (ਪੋਸਟ ਬਿਊਰੋ) : ਇੱਕ ਸਰਵੇਖਣ ਵਿੱਚ ਇਹ ਪਾਏ ਜਾਣ ਕਿ ਕੈਨੇਡਾ ਤੇ ਅਮਰੀਕਾ ਵਿੱਚ ਹਰ ਤਿੰਨ ਟੀਨੇਜਰਜ਼ ਵਿੱਚੋਂ ਇੱਕ ਦਾ ਇਹ ਮੰਨਣਾ ਹੈ ਕਿ ਹੋਲੋਕਾਸਟ ਮਨਘੜਤ ਸੀ, ਉਸ ਨੂੰ ਵਧਾ ਚੜ੍ਹਾ ਕੇ ਦੱਸਿਆ ਜਾਂਦਾ ਹੈ ਤੇ ਜਾਂ ਫਿਰ ਅਜਿਹਾ ਕੁੱਝ ਵਾਪਰਿਆ ਹੀ ਨਹੀਂ ਹੋ ਸਕਦਾ, ਤੋਂ ਬਾਅਦ ਓਨਟਾਰੀਓ ਨੇ ਹਾਈ ਸਕੂਲ ਵਿਦਿਆਰਥੀਆਂ ਲਈ ਹੋਲੋਕਾਸਟ ਦੇ ਵਿਸ਼ੇ ਨੂੰ ਪਾਠਕ੍ਰਮ ਵਿੱਚ ਲਾਜ਼ਮੀ ਕਰਨ ਦਾ ਫੈਸਲਾ ਕੀਤਾ ਹੈ।



ਇਹ ਤਬਦੀਲੀਆਂ ਗ੍ਰੇਡ 10 ਦੇ ਇਤਿਹਾਸ ਦੇ ਕੋਰਸ ਵਿੱਚ ਕੀਤੀਆਂ ਜਾਣਗੀਆਂ। ਇਸ ਪਾਠਕ੍ਰਮ ਵਿੱਚ ਫਾਸ਼ੀਵਾਦ, 1930ਵਿਆਂ ਤੇ 1940ਵਿਆਂ ਵਿੱਚ ਯਹੂਦੀਆਂ ਦੇ ਖਿਲਾਫ ਚੱਲੀ ਲਹਿਰ ਤੇ ਕੈਨੇਡਾ ਵਿੱਚ ਇਸ ਦੇ ਸਮਕਾਲੀ ਪ੍ਰਭਾਵਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਇਹ ਤਬਦੀਲੀਆਂ ਸਤੰਬਰ 2025 ਵਿੱਚ ਪਾਠਕ੍ਰਮ ਵਿੱਚ ਸ਼ਾਮਲ ਕੀਤੀਆਂ ਜਾ ਸਕਦੀਆਂ ਹਨ। ਸਿੱਖਿਆ ਮੰਤਰੀ ਸਟੀਫਨ ਲਿਚੇ ਨੇ ਆਖਿਆ ਕਿ ਅਧਿਆਪਕਾਂ ਨੂੰ ਵੀ ਇਸ ਬਾਰੇ ਪੜ੍ਹਨ ਸਿੱਖਣ ਲਈ ਸਮਾਂ ਚਾਹੀਦਾ ਹੈ। ਇਹ ਕੋਈ ਸੁਖਾਲਾ ਵਿਸ਼ਾ ਨਹੀਂ ਹੈ।

ਪਿਛਲੇ ਸਾਲ ਸਰਕਾਰ ਨੇ ਗ੍ਰੇਡ 6 ਵਿੱਚ ਹੋਲੋਕਾਸਟ ਬਾਰੇ ਜਾਣਕਾਰੀ ਨੂੰ ਲਾਜ਼ਮੀ ਕਰਨ ਦਾ ਐਲਾਨ ਕੀਤਾ ਸੀ। ਜਿਸ ਵਿੱਚ ਹੋਲੋਕਾਸਟ ਦੌਰਾਨ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਾਰੇ ਕੈਨੇਡੀਅਨ ਸਰਕਾਰ ਦੀ ਪ੍ਰਤੀਕਿਰਿਆ ਨੂੰ ਸ਼ਾਮਲ ਕੀਤਾ ਗਿਆ ਸੀ। ਪ੍ਰੋਵਿੰਸ ਵੱਲੋਂ ਕਮਿਊਨਿਟੀ ਪਾਰਟਨਰਸ਼ਿਪ ਲਈ 650,000 ਡਾਲਰ ਵੀ ਨਿਵੇਸ਼ ਕੀਤੇ ਜਾਣਗੇ ਤਾਂ ਕਿ ਵਿਦਿਕਆਰਥੀਆਂ ਦੇ ਐਜੂਕੇਟਰਜ਼ ਨੂੰ ਟਰੇਨਿੰਗ ਵਾਸਤੇ ਸਰੋਤ ਮੁਹੱਈਆ ਕਰਵਾਏ ਜਾ ਸਕਣ। ਇਸ ਵਿੱਚ ਗ੍ਰੇਡ 5 ਤੇ 8 ਲਈ ਐਂਟੀ ਸੈਮੀਟਿਜ਼ਮ ਕਲਾਸਰੂਮ ਟੂਲਕਿੱਟ ਤੇ ਟਰੇਨਿੰਗ ਆਦਿ ਸ਼ਾਮਲ ਹੋਣਗੀਆਂ।

## ਬੰਬ ਦੀ ਧਮਕੀ ਮਿਲਣ ਤੋਂ ਬਾਅਦ ਜੀਟੀਏ ਦੇ ਕਈ ਸਕੂਲ ਕਰਵਾਏ ਗਏ ਖਾਲ਼ੀ

ਓਨਟਾਰੀਓ, 1 ਨਵੰਬਰ (ਪੋਸਟ ਬਿਊਰੋ) : ਉੱਤਰੀ ਤੇ ਪੂਰਬੀ ਓਨਟਾਰੀਓ ਦੇ ਕਈ ਹਿੱਸਿਆਂ ਵਿੱਚ ਮਿਲੀਆਂ ਬੰਬ ਦੀਆਂ ਕਈ ਧਮਕੀਆਂ ਦੀ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਓਪੀਪੀ ਨੇ ਆਖਿਆ ਕਿ ਕਈ ਸਕੂਲ ਤੇ ਹੋਰ ਫੈਸਿਲਿਟੀਜ਼ ਨੂੰ ਨਕਦੀ ਦੀ ਮੰਗ ਲਈ ਨਿਸ਼ਾਨਾ ਬਣਾਇਆ ਗਿਆ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਕਿਪਲਿੰਗ ਕਾਲਜੀਏਟ ਇੰਸਟੀਚਿਊਟ, ਲੇਕਸ਼ੋਰ ਕਾਲਜੀਏਟ ਇੰਸਟੀਚਿਊਟ ਤੇ ਵੈਸਟਰਨ ਟੈਕਨੀਕਲ ਕਮਰਸ਼ੀਅਲ ਸਕੂਲ ਨੂੰ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਖਾਲੀ ਕਰਵਾ ਲਿਆ ਗਿਆ ਤੇ ਵਿਦਿਆਰਥੀਆਂ ਨੂੰ ਜਲਦੀ ਘਰ ਭੇਜ ਦਿੱਤਾ ਗਿਆ। ਸਾਰੇ ਅਦਾਰਿਆਂ ਦੀ ਛਾਣਬੀਣ ਕਰਨ ਤੋਂ ਬਾਅਦ ਵੀ ਇਨ੍ਹਾਂ ਵਿੱਚ ਕੁੱਝ ਨਹੀਂ ਮਿਲਿਆ।

ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਟੋਰਾਂਟੋ ਪੁਲਿਸ ਨੇ ਆਖਿਆ ਕਿ ਅਜੇ ਇਹ ਆਖਣਾ ਜਲਦਬਾਜ਼ੀ ਹੋਵੇਗੀ ਕਿ ਇਹ ਧਮਕੀਆਂ ਓਪੀਪੀ ਦੀ ਜਾਂਚ ਨਾਲ ਸਬੰਧਤ ਹਨ। ਹਾਲਟਨ ਪੁਲਿਸ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਧਮਕੀ ਮਿਲਣ ਤੋਂ ਬਾਅਦ ਨੈਲਸਨ ਹਾਈ ਸਕੂਲ, ਬਰਲਿੰਗਟਨ ਨੂੰ ਵੀ ਖਾਲੀ ਕਰਵਾ ਲਿਆ ਗਿਆ। ਲੋਕਲ ਅਧਿਕਾਰੀਆਂ ਤੋਂ ਇਲਾਵਾ ਓਪੀਪੀ ਦੀ ਸਾਈਬਰ ਕ੍ਰਾਈਮ ਇਨਵੈਸਟੀਗੇਸ਼ਨ ਟੀਮ ਨੂੰ ਵੀ ਮਾਮਲੇ ਦੀ ਜਾਂਚ ਵਿੱਚ ਸ਼ਾਮਲ ਕੀਤਾ ਗਿਆ ਹੈ।

## ਗੱਡੀਆਂ ਦੀ ਤੋੜ-ਭੰਨ੍ਹ ਕਰਨ, ਗ੍ਰੈਫਿਟੀ ਬਣਾਉਣ ਵਾਲੇ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਵਾਅਨ, 1 ਨਵੰਬਰ (ਪੋਸਟ ਬਿਊਰੋ) : ਵਾਅਨ ਵਿੱਚ ਤੋੜ ਭੰਨ੍ਹ ਦੀਆਂ ਦੋ ਵੱਖ ਵੱਖ ਘਟਨਾਵਾਂ ਨੂੰ ਅੰਜਾਮ ਦੇਣ ਵਾਲਿਆਂ ਦੀ ਯੌਰਕ ਰੀਜਨਲ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਇੱਕ ਮਾਮਲੇ ਵਿੱਚ ਤਾਂ ਬੱਕਰੇ ਦਾ ਸਿਰ ਇੱਕ ਘਰ ਦੀ ਖਿੜਕੀ ਵਿੱਚੋਂ ਅੰਦਰ ਸੁੱਟਿਆ ਗਿਆ।



25 ਅਕਤੂਬਰ ਨੂੰ ਪੁਲਿਸ ਅਧਿਕਾਰੀਆਂ ਨੂੰ ਮੈਲਵਿੱਲ ਐਵਨਿਊ ਤੇ ਹਡਸਨ ਡਰਾਈਵ ਏਰੀਆ ਵਿੱਚ ਸੱਦਿਆ ਗਿਆ। ਇੱਥੇ ਰਹਿਣ ਵਾਲੇ ਇੱਕ ਵਿਅਕਤੀ ਨੇ ਦੱਸਿਆ ਕਿ ਕਿਸੇ ਨੇ ਉਸ ਦੇ ਡਰਾਈਵਵੇਅ ਵਿੱਚ ਖੜ੍ਹੀ ਐਸਯੂਵੀ ਅਤੇ ਗੈਰਾਜ ਡੋਰ ਉੱਤੇ ਸਪਰੇਅ ਪੇਂਟ ਨਾਲ ਭੱਦੀਆਂ ਗੱਲਾਂ ਲਿਖ ਦਿੱਤੀਆਂ ਹਨ।

ਇੱਕ ਰਲੀਜ਼, ਜਿਸ ਵਿੱਚ ਵੀਡੀਓ ਫੁਟੇਜ ਵੀ ਸ਼ਾਮਲ ਸੀ, ਵਿੱਚ ਪੁਲਿਸ ਨੇ ਆਖਿਆ ਕਿ ਦੋ ਮਸ਼ਕੂਕਾਂ ਨੂੰ ਇਸ ਦਿਨ ਰਾਤੀਂ 2:14 ਵਜੇ ਦੇ ਨੇੜੇ ਤੇੜੇ ਇਲਾਕੇ ਵਿੱਚ ਵੇਖਿਆ ਗਿਆ। ਇੱਕ ਮਸ਼ਕੂਕ ਨੇ ਡਰਾਈਵਵੇਅ ਉੱਤੇ ਜਾ ਕੇ ਪਹਿਲਾਂ ਐਸਯੂਵੀ ਦੇ ਸ਼ੀਸ਼ੇ ਭੰਨ੍ਹੇ ਤੇ ਫਿਰ ਉਸ ਉੱਤੇ ਸਪਰੇਅ ਪੇਂਟ ਨਾਲ ਕੁੱਝ ਲਿਖ ਦਿੱਤਾ। ਫਿਰ ਉਸ ਨੇ ਗੈਰਾਜ ਉੱਤੇ ਹੋਰ ਗ੍ਰੈਫਿਟੀ ਬਣਾਈ। ਦੂਜਾ ਮਸ਼ਕੂਕ ਸਾਈਡਵਾਕ ਉੱਤੇ ਖੜ੍ਹਾ ਹੋ ਕੇ ਇਹ ਸੱਭ ਵੇਖਦਾ ਰਿਹਾ।

ਇਸ ਤੋਂ ਦੋ ਦਿਨ ਬਾਅਦ ਪੁਲਿਸ ਦਾ ਮੰਨਣਾ ਹੈ ਕਿ ਇਨ੍ਹਾਂ ਮਸ਼ਕੂਕਾਂ ਨੇ ਹੀ ਇੱਕ ਹੋਰ ਘਰ ਨੂੰ ਆਪਣਾ ਨਿਸ਼ਾਨਾ ਬਣਾਇਆ। ਪਰ ਇਸ ਵਾਰੀ ਹੋਰ ਵੀ ਬੁਰੀ ਤਰ੍ਹਾਂ ਇਹ ਸੱਭ ਕੀਤਾ ਗਿਆ। ਰਾਤੀਂ 3:45 ਉੱਤੇ ਇੱਕ ਬੱਕਰੇ ਦਾ ਸਿਰ ਘਰ ਦੇ ਸਾਹਮਣੇ ਵਾਲੀ ਖਿੜਕੀ ਤੋੜ ਕੇ ਘਰ ਦੇ ਅੰਦਰ ਸੁੱਟਿਆ ਗਿਆ। ਡਰਾਈਵਵੇਅ ਵਿੱਚ ਖੜ੍ਹੀਆਂ ਤਿੰਨ ਗੱਡੀਆਂ ਨੂੰ ਵੀ ਸਪਰੇਅ ਪੇਂਟ ਕੀਤਾ ਗਿਆ ਤੇ ਵਾਕਵੇਅ ਉੱਤੇ ਸਟਿੱਕ ਫਿਗਰਜ਼ ਬਣਾਈਆਂ ਗਈਆਂ ਤੇ ਇੱਕ ਹੋਰ ਬੱਕਰੇ ਦਾ ਸਿਰ ਇੱਥੋਂ ਮਿਲਿਆ। ਉਸੇ ਦਿਨ ਵੈਸਟਰ ਰੋਡ ਤੇ ਵਿੱਲਾ ਰੌਇਲ ਐਵਨਿਊ ਏਰੀਆ ਦੇ ਇੱਕ ਘਰ ਦੇ ਦਰਵਾਜ਼ੇ ਸਾਹਮਣੇ ਬੱਕਰੇ ਦਾ ਸਿਰ ਮਿਲਿਆ। ਪੁਲਿਸ ਦਾ ਮੰਨਣਾਂ ਹੈ ਕਿ ਦੋ ਮਸ਼ਕੂਕਾਂ ਵੱਲੋਂ ਹੀ ਇਨ੍ਹਾਂ ਸਾਰੀਆਂ ਹਰਕਤਾਂ ਨੂੰ ਅੰਜਾਮ ਦਿੱਤਾ

## 2026 ਵਿੱਚ ਨਵੇਂ ਪਰਮਾਨੈਂਟ ਰੈਜ਼ੀਡੈਂਟਸ ਦੀ ਗਿਣਤੀ ਨੂੰ ਸਥਿਰ ਕਰੇਗੀ ਫੈਡਰਲ ਸਰਕਾਰ

ਓਟਵਾ, 1 ਨਵੰਬਰ (ਪੋਸਟ ਬਿਊਰੋ) : ਹਾਊਸਿੰਗ ਤੇ ਹੋਰਨਾਂ ਸਰਵਿਸਿਜ਼ ਉੱਤੇ ਪੈ ਰਹੇ ਬੋਝ ਕਾਰਨ ਫੈਡਰਲ ਸਰਕਾਰ ਨੇ ਕੈਨੇਡਾ ਵਿੱਚ ਨਵੇਂ ਪਰਮਾਨੈਂਟ ਰੈਜ਼ੀਡੈਂਟਸ ਦੀ ਗਿਣਤੀ ਨੂੰ 2026 ਵਿੱਚ ਸਥਿਰ ਰੱਖਣ ਦਾ ਫੈਸਲਾ ਕੀਤਾ ਹੈ। ਇਹ ਐਲਾਨ ਬੁੱਧਵਾਰ ਨੂੰ ਇਮੀਗ੍ਰੇਸ਼ਨ ਮੰਤਰੀ ਵੱਲੋਂ ਕੀਤਾ ਗਿਆ।



ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਬੁੱਧਵਾਰ ਨੂੰ ਪਾਰਲੀਆਮੈਂਟ ਵਿੱਚ ਅਗਲੇ ਤਿੰਨ ਸਾਲਾਂ ਦੇ ਟੀਚੇ ਰੱਖੇ। ਉਨ੍ਹਾਂ ਆਖਿਆ ਕਿ 2026 ਵਿੱਚ ਪਰਮਾਨੈਂਟ ਰੈਜ਼ੀਡੈਂਟਸ ਨੂੰ 500,000 ਉੱਤੇ ਸਥਿਰ ਰੱਖਿਆ ਜਾਵੇਗਾ। ਇਸ ਪਲੈਨ ਵਿੱਚ ਦੱਸਿਆ ਗਿਆ ਕਿ 2024 ਤੇ 2025 ਲਈ ਟੀਚੇ ਪਹਿਲਾਂ ਵਾਂਗ ਹੀ 485,000 ਤੇ 500,000 ਤੱਕ ਕ੍ਰਮਵਾਰ ਵਧਣਗੇ ਪਰ ਬਾਅਦ ਵਿੱਚ ਇਨ੍ਹਾਂ ਨੂੰ ਸਥਿਰ ਕਰ ਦਿੱਤਾ ਜਾਵੇਗਾ। ਪਿਛਲੇ ਕੁੱਝ ਸਾਲਾਂ ਵਿੱਚ ਲਿਬਰਲਾਂ ਨੇ ਇਨ੍ਹਾਂ ਟੀਚਿਆਂ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਤੇ 2021 ਤੇ 2022 ਵਿੱਚ ਤਾਂ ਨਵੇਂ ਪਰਮਾਨੈਂਟ ਰੈਜ਼ੀਡੈਂਟਸ ਦੀ ਗਿਣਤੀ ਸਾਰੇ ਰਿਕਾਰਡ ਤੋੜ ਗਈ।

ਇਨ੍ਹਾਂ ਵਾਧਿਆਂ ਦਾ ਓਨੀ ਤੇਜ਼ੀ ਨਾਲ ਹੀ ਮੁਲਾਂਕਣ ਵੀ ਕੀਤਾ ਜਾ ਰਿਹਾ ਹੈ। ਸਰਕਾਰ ਨੂੰ ਮੌਜੂਦ ਸਰੋਤਾਂ ਤੇ ਅਫੋਰਡੇਬਲ ਹਾਊਸਿੰਗ ਦੇ ਮਸਲੇ ਨਾਲ ਵੀ ਨਜਿੱਠਣਾ ਪੈ ਰਿਹਾ ਹੈ। ਇਨ੍ਹਾਂ ਮੁੱਦਿਆਂ ਨੂੰ ਠੀਕ ਕਰਨ ਲਈ ਸਰਕਾਰ ਉੱਤੇ ਕਾਫੀ ਦਬਾਅ ਪਾਇਆ ਜਾ ਰਿਹਾ ਹੈ। ਮਿਲਰ ਨੇ ਆਖਿਆ ਕਿ ਇਮੀਗ੍ਰੈਂਟਸ ਵੱਲੋਂ ਕੈਨੇਡਾ ਦੇ ਆਰਥਿਕ ਵਿਕਾਸ ਤੇ ਲੇਬਰ ਮਾਰਕਿਟ ਵਿੱਚ ਜਿਹੜਾ ਯੋਗਦਾਨ ਪਾਇਆ ਜਾਂਦਾ ਹੈ ਇਹ ਚਿੰਤਾਵਾਂ ਉੱਥੇ ਆ ਕੇ ਸੰਤੁਲਿਤ ਹੋ ਜਾਂਦੀਆਂ ਹਨ।

ਬੁੱਧਵਾਰ ਨੂੰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮਿਲਰ ਨੇ ਆਖਿਆ ਕਿ ਨਵੇਂ ਪਰਮਾਨੈਂਟ ਰੈਜ਼ੀਡੈਂਟਸ ਦੀ ਗਿਣਤੀ ਵਿੱਚ ਵਾਧੇ ਨਾਲ ਹਾਊਸਿੰਗ ਦੀ ਮੰਗ ਵਿੱਚ ਸਿੱਧਾ ਵਾਧਾ ਨਹੀਂ ਹੁੰਦਾ। ਜਿਵੇਂ ਕਿ ਨਵੇਂ ਇਮੀਗ੍ਰੈਂਟਸ ਨੂੰ ਹਾਊਸਿੰਗ ਦੀ ਲੋੜ ਹੋ ਸਕਦੀ ਹੈ ਪਰ ਉਹ ਨਵਾਂ ਹਾਊਸਿੰਗ ਸਟਾਕ ਤਿਆਰ ਕਰਨ ਵਿੱਚ ਵੀ ਮਦਦ ਕਰਦੇ ਹਨ।

## ਬੈਰੀਕੇਡ ਦੇ ਪਿੱਛੇ ਲੁਕੇ ਇੱਕ ਵਿਅਕਤੀ ਨੇ ਪੁਲਿਸ ਅਧਿਕਾਰੀਆਂ ਉੱਤੇ ਚਲਾਈਆਂ ਗੋਲੀਆਂ

ਓਨਟਾਰੀਓ, 1 ਨਵੰਬਰ (ਪੋਸਟ ਬਿਊਰੋ) : ਪ੍ਰੋਵਿੰਸ਼ੀਅਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਓਹਸਵੇਕਨ, ਓਨਟਾਰੀਓ ਕਮਿਊਨਿਟੀ ਵਿੱਚ ਬੁੱਧਵਾਰ ਸਵੇਰੇ ਬੈਰੀਕੇਡ ਪਿੱਛੇ ਲੁਕੇ ਵਿਅਕਤੀ ਵੱਲੋਂ ਪੁਲਿਸ ਅਧਿਕਾਰੀਆਂ ਉੱਤੇ ਗੋਲੀਆਂ ਚਲਾਈਆਂ ਗਈਆਂ।



ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਨੂੰ ਫਿਫਥ ਤੇ ਸਿਕਸਥ ਲਾਈਨਜ਼ ਦਰਮਿਆਨ ਚੀਫਸਵੁੱਡ ਉੱਤੇ ਸਿਕਸ ਨੇਸ਼ਨਜ਼ ਪੁਲਿਸ ਸਰਵਿਸ ਨੂੰ ਮਦਦ ਕਰਨ ਲਈ ਮੰਗਲਵਾਰ ਰਾਤੀਂ 11:30 ਵਜੇ ਸੱਦਿਆ ਗਿਆ। ਇਸ ਕਾਲ ਤੋਂ ਬਾਅਦ ਯੌਰਕ ਰੀਜਨਲ ਪੁਲਿਸ ਦੀ ਏਵੀਏਸ਼ਨ ਸਰਵਿਸਿਜ਼ ਵੱਲੋਂ ਵੀ ਮਦਦ ਕੀਤੀ ਜਾ ਰਹੀ ਹੈ। ਸਵੇਰੇ 6:40 ਉੱਤੇ ਐਕਸ ਉੱਤੇ ਪਾਈ ਗਈ ਪੋਸਟ ਵਿੱਚ ਓਪੀਪੀ ਸਾਰਜੈਂਟ ਐਂਡ ਸੈਨਚੁੱਕ ਨੇ ਆਖਿਆ ਕਿ ਪੁਲਿਸ ਨੂੰ ਬੈਰੀਕੇਡ ਦੇ ਓਹਲੇ ਤੋਂ ਉਨ੍ਹਾਂ ਉੱਤੇ ਗੋਲੀਆਂ ਚਲਾ ਰਹੇ ਵਿਅਕਤੀ ਨਾਲ ਨਜਿੱਠਣਾ ਪੈ ਰਿਹਾ ਹੈ। ਸੈਨਚੁੱਕ ਨੇ ਆਖਿਆ ਕਿ ਹਰ ਕਿਸੇ ਦੀ ਸੇਫਟੀ ਲਈ ਇਸ ਇਲਾਕੇ ਨੂੰ ਬੰਦ ਰੱਖਿਆ ਜਾ ਰਿਹਾ ਹੈ ਤੇ ਅਜੇ ਵੀ ਗੋਲੀਆਂ ਚੱਲ ਰਹੀਆਂ ਹਨ। ਓਪੀਪੀ ਨੇ ਦੱਸਿਆ ਕਿ ਕਿਸੇ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਚੱਲਦੀ ਗੱਡੀ ਵਿੱਚੋਂ ਇੱਕ ਵਿਅਕਤੀ ਨੇ ਦੂਜੀ ਗੱਡੀ ਉੱਤੇ ਚਲਾਈਆਂ ਗੋਲੀਆਂ

ਟੋਰਾਂਟੋ, 1 ਨਵੰਬਰ (ਪੋਸਟ ਬਿਊਰੋ) : ਰੋਡ ਰੇਜ ਦੇ ਮਾਮਲੇ ਵਿੱਚ ਰਾਤ ਸਮੇਂ ਟੋਰਾਂਟੋ ਹਾਈਵੇਅ ਉੱਤੇ ਗੋਲੀਆਂ ਚਲਾਉਣ ਵਾਲੇ ਸ਼ੂਟਰ ਦੀ ਟੋਰਾਂਟੋ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਪੁਲਿਸ ਨੇ ਦੱਸਿਆ ਕਿ ਮੰਗਲਵਾਰ ਨੂੰ ਰਾਤੀਂ 12;30 ਵਜੇ ਦੇ ਨੇੜੇ ਤੇੜੇ ਸਪੈਡਿਨਾ ਐਵਨਿਊ ਨੇੜੇ ਗਾਰਡੀਨਰ ਐਕਸਪ੍ਰੈੱਸਵੇਅ ਉਤੇ ਇੱਕ ਵਿਅਕਤੀ ਆਪਣੀ ਗੱਡੀ ਵਿੱਚ ਜਾ ਰਿਹਾ ਸੀ ਜਦੋਂ ਦੂਜੀ ਗੱਡੀ ਵਿੱਚ ਸਵਾਰ ਵਿਅਕਤੀ ਵੱਲੋਂ ਉਸ ਉੱਤੇ ਗੋਲੀ ਚਲਾਈ ਗਈ। ਇਸ ਤੋਂ ਕੁੱਝ ਦੇਰ ਬਾਅਦ 20 ਸਾਲਾ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਸੇਂਟ ਮਾਈਕਲ ਹਸਪਤਾਲ ਪਹੁੰਚਿਆ। ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾਂਦੀ ਹੈ।

ਜਾਂਚਕਾਰਾਂ ਨੇ ਦੱਸਿਆ ਕਿ ਜ਼ਖ਼ਮੀ ਵਿਅਕਤੀ ਦੀ ਕਾਰ ਵਿੱਚ ਗੋਲੀਆਂ ਲੱਗਣ ਕਾਰਨ ਮੋਰੀਆਂ ਹੋ ਗਈਆਂ ਸਨ। ਪੁਲਿਸ ਦਾ ਮੰਨਣਾ ਹੈ ਕਿ ਇਹ ਘਟਨਾ ਰੋਡ ਰੇਜ ਦੀ ਹੈ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ।

NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
• Super Visa Insurance • Mortgage Insurance • Disability Insurance • Funeral Insurance
SIMRAN SAINI 416.994.7272
www.allkindinsurance.com

Allstate. You're in good hands.
+ Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company.

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6 Brampton, ON, L6P 3W4
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
• CPAP machines, masks and supplies
• Free consultations
• 30 day mask exchange
• Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps •Cockroaches •Carpenter Ants •Silver Fish •Racoons
Call : PARESH PATEL
416 938 4598

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law
• Wills & Estates
• Power of Attorney
• Affidavits Notarization / Declaration
• Business Law
• Family Law
• Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਅਮਰੀਕਾ ਵਿਚ ਜਿਮ ਕਰਦੇ 24 ਸਾਲਾ ਭਾਰਤੀ ਵਿਦਿਆਰਥੀ ਦੇ ਮਾਰਿਆ ਚਾਕੂ, ਹਾਲਤ ਨਾਜ਼ੁਕ



ਵਾਸ਼ਿੰਗਟਨ, 1 ਨਵੰਬਰ (ਪੋਸਟ ਬਿਊਰੋ): ਅਮਰੀਕਾ ਦੇ ਇੰਡੀਆਨਾ ਸ਼ਹਿਰ ਵਿਚ ਇੱਕ ਹਮਲਾਵਰ ਨੇ 24 ਸਾਲਾ ਭਾਰਤੀ ਵਿਦਿਆਰਥੀ ਦੇ ਚਾਕੂ ਮਾਰ ਦਿੱਤਾ। ਇਸ ਕਾਰਨ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ। ਰਿਪੋਰਟ ਮੁਤਾਬਕ ਇਹ ਘਟਨਾ ਐਤਵਾਰ ਸਵੇਰੇ ਇੰਡੀਆਨਾ ਦੇ ਵਲਪਾਰਾਈਸੋ ਸ਼ਹਿਰ ਵਿਚ ਵਾਪਰੀ। ਇੱਥੋਂ ਦੇ ਇੱਕ ਜਨਤਕ ਜਿਮ ਵਿਚ ਹਮਲਾਵਰ ਜੌਰਡਨ ਐਂਡਰੇਡ ਨੇ 24 ਸਾਲਾ ਵਰੁਣ 'ਤੇ ਜਿਮ ਵਿਚ ਚਾਕੂ ਨਾਲ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ। ਅਮਰੀਕੀ ਪੁਲਿਸ ਅਧਿਕਾਰੀ ਘਟਨਾ ਦੀ ਜਾਂਚ ਕਰ ਰਹੇ ਹਨ।

ਘਟਨਾ ਤੋਂ ਬਾਅਦ, ਹਮਲਾਵਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਉਸ 'ਤੇ ਮਾਰੂ ਹਥਿਆਰਾਂ ਨਾਲ ਹਮਲਾ ਕਰਨ ਅਤੇ ਕਤਲ ਦੀ ਕੋਸ਼ਿਸ਼ ਦਾ ਦੋਸ਼ ਲਗਾਇਆ ਗਿਆ।

ਹਮਲਾਵਰ ਨੇ ਭਾਰਤੀ ਵਿਦਿਆਰਥੀ ਵਰੁਣ 'ਤੇ ਚਾਕੂ ਨਾਲ ਹਮਲਾ ਕੀਤਾ, ਜਿਸ ਨਾਲ ਉਹ ਗੰਭੀਰ ਜ਼ਖ਼ਮੀ ਹੋ ਗਿਆ। ਉਸ ਦੀਆਂ ਸੱਟਾਂ ਦੀ ਗੰਭੀਰਤਾ ਦੇ ਕਾਰਨ ਉਸ ਨੂੰ ਆਖਰਕਾਰ ਫੋਰਟ ਵੇਨ ਹਸਪਤਾਲ ਲਿਜਾਇਆ ਗਿਆ ਅਤੇ ਕਥਿਤ ਤੌਰ 'ਤੇ ਉਸ ਦੇ ਬਚਣ ਦੀ ਜ਼ੀਰੋ ਤੋਂ ਪੰਜ ਪ੍ਰਤੀਸ਼ਤ ਸੰਭਾਵਨਾ ਸੀ। ਡਾਕਟਰਾਂ ਮੁਤਾਬਕ ਵਰੁਣ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਹਮਲਾਵਰ, ਐਂਡਰੇਡ, ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਸਵੇਰੇ ਮਸਾਜ ਦੀ ਬੇਨਤੀ ਕੀਤੀ ਸੀ ਅਤੇ ਇੱਕ ਹੋਰ ਆਦਮੀ ਨੂੰ ਲੱਭਣ ਲਈ ਮਸਾਜ ਰੂਮ ਵਿਚ ਚਲਿਆ ਗਿਆ ਸੀ, ਜਿਸਨੂੰ ਉਹ ਨਹੀਂ ਜਾਣਦਾ ਸੀ ਪਰ ਥੋੜ੍ਹਾ ਅਜੀਬ ਲੱਗਾ ਸੀ।

# ਫਰਾਂਸ ਵਿਚ ਇੱਕ ਔਰਤ ਦੇ ਪੁਲਿਸ ਨੇ ਮਾਰੀਆਂ 8 ਗੋਲੀਆਂ, ਟ੍ਰੇਨ ਵਿਚ ਆਤਮਘਾਤੀ ਹਮਲੇ ਦੀ ਦਿੱਤੀ ਸੀ ਧਮਕੀ



ਪੈਰਿਸ, 1 ਨਵੰਬਰ (ਪੋਸਟ ਬਿਊਰੋ): ਫਰਾਂਸ ਦੀ ਪੁਲਿਸ ਦੇ ਸਾਹਮਣੇ ਰੇਲਗੱਡੀ ਵਿੱਚ ਆਤਮਘਾਤੀ ਹਮਲੇ ਦੀ ਧਮਕੀ ਦੇਣ ਵਾਲੀ ਇੱਕ ਔਰਤ ਨੂੰ ਗੋਲੀਆਂ ਮਾਰ ਦਿੱਤੀਆਂ। ਮਹਿਲਾ ਪੁਲਿਸ ਨੂੰ ਲਲਕਾਰ ਰਹੀ ਸੀ, ਟਰੇਨ ਵਿੱਚ ਆਤਮਘਾਤੀ ਹਮਲਾ ਕਰਨ ਦੀ ਧਮਕੀ ਦੇ ਰਹੀ ਸੀ। ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਪੁਲਿਸ ਨੇ ਤੁਰੰਤ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਨੇ ਔਰਤ ਨੂੰ ਇੱਕੋ ਸਮੇਂ ਅੱਠ ਗੋਲੀਆਂ ਮਾਰੀਆਂ। ਇਸ ਕਾਰਨ ਉਹ ਜ਼ਖਮੀ ਹੋ ਕੇ ਜ਼ਮੀਨ 'ਤੇ ਡਿੱਗ ਗਈ। ਇਸ ਤੋਂ ਬਾਅਦ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਪੁਲਿਸ ਨੂੰ ਹਾਲ ਤੱਕ ਔਰਤ ਬਾਰੇ ਕੋਈ ਖਾਸ ਜਾਣਕਾਰੀ ਨਹੀਂ ਹੈ। ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

ਜਾਣਕਾਰੀ ਮੁਤਾਬਕ ਔਰਤ ਆਤਮਘਾਤੀ ਹਮਲਾਵਰ ਸੀ। ਜਿਸ ਟਰੇਨ ਵਿਚ ਉਹ ਆਤਮਘਾਤੀ ਹਮਲੇ ਦੀ ਧਮਕੀ ਦੇ ਰਹੀ ਸੀ, ਉਹ ਫਰਾਂਸ ਦੀ ਰਾਜਧਾਨੀ ਪੈਰਿਸ ਜਾ ਰਹੀ ਸੀ। ਪੁਲਿਸ ਨੇ ਬਿਨ੍ਹਾਂ ਕਿਸੇ ਦੇਰੀ ਦੇ ਆਤਮਘਾਤੀ ਹਮਲੇ ਵਿੱਚ ਰੇਲਗੱਡੀ ਨੂੰ ਉਡਾਉਣ ਦੀ ਧਮਕੀ ਦੇਣ ਵਾਲੀ ਔਰਤ ਨੂੰ ਗੋਲੀ ਮਾਰ ਕੇ ਗੰਭੀਰ ਜ਼ਖ਼ਮੀ ਕਰ ਦਿੱਤਾ। ਇਹ ਫਰਾਂਸ ਦੀ ਤਾਜ਼ਾ ਸੁਰੱਖਿਆ ਘਟਨਾ ਹੈ, ਜੋਕਿ 13 ਅਕਤੂਬਰ ਨੂੰ ਇੱਕ ਸਕੂਲ ਵਿੱਚ ਇੱਕ ਇਸਲਾਮੀ ਕੱਟੜਪੰਥੀ ਦੁਆਰਾ ਚਾਕੂ ਮਾਰੇ ਜਾਣ ਤੋਂ ਬਾਅਦ ਅੱਤਵਾਦ ਦੇ ਖਿਲਾਫ਼ ਅਲਰਟ ਜਾਰੀ ਹੈ।

## ਅੱਜ ਨਾਮਾ

ਬਹਿਸ ਪੰਜਾਬ ਦੀ ਅੱਜ ਸੀ ਮਿਥੀ ਮੀਆਂ,
ਨਹੀਂ ਸੀ ਲੀਡਰ ਵਿਰੋਧ ਦੇ ਆਏ ਮੀਆਂ।
ਇੱਕੋ ਮਾਨ ਭਗਵੰਤ ਗਿਆ ਕਰੀ ਭਾਸ਼ਣ,
ਚੁਣ-ਚੁਣ ਮੁੱਦੇ ਸੀ ਖੋਲ੍ਹ ਵਿਛਾਏ ਮੀਆਂ।
ਜਿਹੜੇ ਕੀਤੇ ਸਮਝੌਤੇ ਕਈ ਪਾਣੀਆਂ ਦੇ,
ਕਿੱਦਾਂ ਗਲਤ ਸਨ ਕਦਮ ਉਠਾਏ ਮੀਆਂ।
ਪਰਦਿਆਂ ਓਹਲੇ ਕੀ ਚੱਲਦੀ ਚਾਲ ਸੀਗੀ,
ਕਿਹੜੇ ਦਾਅ ਕਈ ਖੇਡੇ-ਖਿਡਾਏ ਮੀਆਂ।
ਆਪੋਜ਼ੀਸ਼ਨ ਦੇ ਲੀਡਰ ਕੁਝ ਪਹੁੰਚ ਜਾਂਦੇ,
ਸਕਦੇ ਓਥੇ ਕਈ ਗੱਲਾਂ ਇਹ ਕੱਟ ਮੀਆਂ।
ਖੁੰਝਿਆ ਵੇਲਾ ਨਹੀਂ ਆਵਣਾ ਹੱਥ ਮੀਆਂ,
ਕਰਦੇ ਰਹਿਣ ਫਿਰ ਇੱਫ ਜਾਂ ਬੱਟ ਮੀਆਂ।

**ਤੀਸ ਮਾਰ ਖਾਂ**

# ਪ੍ਰਧਾਨ ਮੰਤਰੀ ਮੋਦੀ ਅਤੇ ਸ਼ੇਖ ਹਸੀਨਾ ਨੇ 3 ਪ੍ਰਾਜੈਕਟਾਂ ਦਾ ਕੀਤਾ ਉਦਘਾਟਨ

ਨਵੀਂ ਦਿੱਲੀ, 1 ਨਵੰਬਰ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੇ ਬੁੱਧਵਾਰ ਨੂੰ ਭਾਰਤ ਦੀ ਸਹਾਇਤਾ ਨਾਲ ਤਿਆਰ ਤਿੰਨ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ। ਅਖੌਰਾ-ਅਗਰਤਲਾ ਕਰਾਸ ਬਾਰਡਰ ਰੇਲ ਲਿੰਕ, ਖੁਲਨਾ-ਮੰਗਲਾ ਪੋਰਟ ਰੇਲ ਲਾਈਨ ਅਤੇ ਮੈਤਰੀ ਸੁਪਰ ਥਰਮਲ ਪਾਵਰ ਪਲਾਂਟ ਦੀ ਦੂਜੀ ਯੂਨਿਟ ਦਾ ਸਾਂਝੇ ਤੌਰ 'ਤੇ ਉਦਘਾਟਨ ਕੀਤਾ। ਇਹ ਪ੍ਰਾਜੈਕਟ ਖੇਤਰ ਵਿਚ ਸੰਪਰਕ ਅਤੇ ਊਰਜਾ ਸੁਰੱਖਿਆ ਨੂੰ ਮਜ਼ਬੂਤ ਕਰਨਗੇ। ਦੋਹਾਂ ਨੇਤਾਵਾਂ ਨੇ ਬੁੱਧਵਾਰ ਸਵੇਰੇ 11 ਵਜੇ ਵੀਡੀਓ ਕਾਨਫਰੰਸਿੰਗ ਰਾਹੀਂ ਇਨ੍ਹਾਂ ਤਿੰਨਾਂ ਪ੍ਰਾਜੈਕਟਾਂ ਦਾ ਸਾਂਝੇ ਤੌਰ 'ਤੇ ਉਦਘਾਟਨ ਕੀਤਾ। ਅਖੌਰਾ-ਅਗਰਤਲਾ ਕਰਾਸ ਬਾਰਡਰ ਰੇਲ ਲਿੰਕ ਪ੍ਰਾਜੈਕਟ ਭਾਰਤ ਸਰਕਾਰ ਦੁਆਰਾ ਬੰਗਲਾਦੇਸ਼ ਨੂੰ ਦਿੱਤੀ ਗਈ 392.52 ਕਰੋੜ ਰੁਪਏ ਦੀ ਗ੍ਰਾਂਟ ਸਹਾਇਤਾ ਦੇ ਤਹਿਤ ਤਿਆਰ ਕੀਤਾ ਗਿਆ ਹੈ। ਬੰਗਲਾਦੇਸ਼ 'ਚ 6.78 ਕਿਲੋਮੀਟਰ ਲੰਬੀ ਦੋਹਰੀ ਗੇਜ ਰੇਲ ਲਾਈਨ ਅਤੇ ਤ੍ਰਿਪੁਰਾ 'ਚ 5.46 ਕਿਲੋਮੀਟਰ ਲੰਬੀ ਰੇਲ ਲਾਈਨ ਨਾਲ ਰੇਲ ਸੰਪਰਕ ਦੀ ਕੁੱਲ ਲੰਬਾਈ 12.24 ਕਿਲੋਮੀਟਰ ਹੈ।


ਖੁਲਨਾ-ਮੰਗਲਾ ਪੋਰਟ ਰੇਲ ਲਾਈਨ ਪ੍ਰਾਜੈਕਟ ਭਾਰਤ ਸਰਕਾਰ ਦੀ ਰਿਆਇਤੀ ਕਰਜ਼ ਸਹੂਲਤ ਦੇ ਅਧੀਨ 38.892 ਕਰੋੜ ਅਮਰੀਕੀ ਡਾਲਰ ਦੀ ਲਾਗਤ ਨਾਲ ਤਿਆਰ ਕੀਤੀ ਗਈ ਹੈ। ਇਸ ਪ੍ਰਾਜੈਕਟ 'ਚ ਮੰਗਲਾ ਬੰਦਰਗਾਹ ਅਤੇ ਖੁਲਨਾ 'ਚ ਮੌਜੂਦ ਰੇਲ ਨੈੱਟਵਰਕ ਦਰਮਿਆਨ ਲਗਭਗ 65 ਕਿਲੋਮੀਟਰ ਬ੍ਰਾਡਗੇਜ ਰੇਲ ਮਾਰਗ ਦਾ ਨਿਰਮਾਣ ਸ਼ਾਮਲ ਹੈ। ਇਸ ਦੇ ਨਾਲ ਹੀ ਬੰਗਲਾਦੇਸ਼ ਦਾ ਦੂਜਾ ਸਭ ਤੋਂ ਵੱਡਾ ਪੋਰਟ, ਮੰਗਲਾ, ਬ੍ਰਾਡਗੇਜ ਰੇਲਵੇ ਨੈੱਟਵਰਕ ਨਾਲ ਜੁੜ ਗਿਆ ਹੈ।

ਇਸੇ ਤਰ੍ਹਾਂ 1.6 ਅਰਬ ਅਮਰੀਕੀ ਡਾਲਰ ਦੇ ਭਾਰਤੀ ਰਿਆਇਤੀ ਵਿੱਤ ਪੋਸ਼ਣ ਯੋਜਨਾ ਕਰਜ਼ੇ ਦੇ ਅਧੀਨ ਮੈਤਰੀ ਸੁਪਰ ਥਰਮਲ ਪਾਵਰ ਪ੍ਰਾਜੈਕਟ, ਬੰਗਲਾਦੇਸ਼ ਦੇ ਖੁਲਨਾ ਡਿਵੀਜ਼ਨ ਦੇ ਰਾਮਪਾਲ ਸਥਿਤ 1320 ਮੈਗਾਵਾਟ (2 ਗੁਣਾ 660) ਦਾ ਸੁਪਰ ਥਰਮਲ ਪਾਵਰ ਪਲਾਂਟ (ਐੱਮ.ਐੱਸ.ਟੀ.ਪੀ.ਪੀ.) ਲਗਾਇਆ ਗਿਆ ਹੈ। ਮੈਤਰੀ ਸੁਪਰ ਥਰਮਲ ਬਿਜਲੀ ਪਲਾਂਟ ਦਾ ਸੰਚਾਲਨ ਬੰਗਲਾਦੇਸ਼ 'ਚ ਊਰਜਾ ਸੁਰੱਖਿਆ ਵਧਾਏਗਾ।



















# ਹੁਣ ਸਿਰਫ਼ 500 ਰੁਪਏ ਵਿੱਚ ਮੈਟਰੋ ਵਿੱਚ ਮਨਾ ਸਕੋਗੇ ਆਪਣਾ ਜਨਮਦਿਨ ਅਤੇ ਕਰਵਾ ਸਕੋਗੇ ਪ੍ਰੀ-ਵੈਡਿੰਗ ਸੂਟ

ਨਵੀਂ ਦਿੱਲੀ, 1 ਨਵੰਬਰ (ਪੋਸਟ ਬਿਊਰੋ): ਹੁਣ ਤੁਸੀਂ ਯੂਪੀ ਵਿੱਚ ਇੱਕ ਮੈਟਰੋ ਰੇਲ ਕੋਚ ਵਿੱਚ ਜਨਮਦਿਨ ਦੀ ਪਾਰਟੀ ਮਨਾ ਸਕਦੇ ਹੋ ਅਤੇ ਸਟੇਸ਼ਨ ਕੰਪਲੈਕਸ ਵਿੱਚ ਪ੍ਰੀ-ਵੈਡਿੰਗ ਅਤੇ ਫਿਲਮ ਦੀ ਸੂਟਿੰਗ ਕਰ ਸਕਦੇ ਹੋ। ਅਸਲ ਵਿੱਚ, ਉੱਤਰ ਪ੍ਰਦੇਸ਼ ਮੈਟਰੋ ਰੇਲ ਕਾਰਪੋਰੇਸ਼ਨ ਲੋਕਾਂ ਨਾਲ ਜੁੜਨ ਅਤੇ ਵਾਧੂ ਮਾਲੀਆ ਸਰੋਤਾਂ ਦੀ ਖੋਜ ਕਰਨ ਲਈ ਵਾਧੂ ਯਤਨ ਕਰ ਰਿਹਾ ਹੈ। ਇਨ੍ਹਾਂ ਯਤਨਾਂ ਤਹਿਤ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਵਿੱਚ ਡੱਬਿਆਂ ਵਿੱਚ ਜਨਮਦਿਨ ਦੀਆਂ ਪਾਰਟੀਆਂ ਮਨਾਉਣ ਦੀ ਇਜਾਜ਼ਤ ਦੇਣਾ ਅਤੇ ਸਟੇਸ਼ਨ ਪਰਿਸਰ ਵਿੱਚ ਵਿਆਹ ਤੋਂ ਪਹਿਲਾਂ ਅਤੇ ਫਿਲਮ ਦੀ ਸੂਟਿੰਗ ਸ਼ਾਮਿਲ ਹੈ।



ਯੂਪੀ ਐਮਆਰਸੀ ਦੇ ਅਧਿਕਾਰੀਆਂ ਨੇ ਦਾਅਵਾ ਕੀਤਾ ਕਿ "ਟਰੇਨ ਵਿੱਚ ਜਸ਼ਨ" ਦੇ ਵਿਚਾਰ ਨੂੰ ਲਖਨਊ ਮੈਟਰੋ ਅਤੇ ਕਾਨਪੁਰ ਮੈਟਰੋ ਦੋਵਾਂ ਦੇ ਯਾਤਰੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ। ਉੱਤਰ ਪ੍ਰਦੇਸ਼ ਮੈਟਰੋ ਰੇਲ ਕਾਰਪੋਰੇਸ਼ਨ ਨੇ ਐਤਵਾਰ ਨੂੰ ਨਵੀਂ ਦਿੱਲੀ ਵਿੱਚ ਅਰਬਨ ਮੋਬਿਲਿਟੀ ਇੰਡੀਆ (ਯੂ.ਐਮ.ਆਈ.) ਕਾਨਫਰੰਸ 2023 ਦੇ ਸਮਾਪਤੀ ਦਿਨ ਲਖਨਊ ਮੈਟਰੋ ਲਈ 'ਸਭ ਤੋਂ ਵਧੀਆ ਯਾਤਰੀ ਸੇਵਾਵਾਂ ਅਤੇ ਸੰਤੁਸ਼ਟੀ ਨਾਲ ਮੈਟਰੋ ਰੇਲ' ਸ਼੍ਰੇਣੀ ਵਿੱਚ 'ਜਨਤਕ ਆਵਾਜਾਈ ਵਿੱਚ ਉੱਤਮਤਾ ਲਈ ਪੁਰਸਕਾਰ' ਪ੍ਰਾਪਤ ਕੀਤਾ। ਮੈਟਰੋ ਕਾਰਪੋਰੇਸ਼ਨ ਦੇ ਅਧਿਕਾਰੀ ਲੋਕਾਂ ਨੂੰ ਅਪੀਲ ਕਰ ਰਹੇ ਹਨ ਕਿ ਉਹ ਆਪਣੇ ਵਿਸ਼ੇਸ਼ ਸਮਾਗਮਾਂ ਲਈ ਮੈਟਰੋ ਟਰੇਨ ਨੂੰ 'ਮੋਬਾਈਲ ਈਵੈਂਟ ਸਥਾਨ' ਵਿੱਚ ਤਬਦੀਲ ਕਰਨ।

ਯੂਪੀਐੱਮਆਰਸੀ ਦੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਲਖਨਊ ਮੈਟਰੋ ਦਾ ਹੁਣ 23 ਕਿਲੋਮੀਟਰ ਦੇ ਖੇਤਰ ਵਿੱਚ ਵਿਸਤਾਰ ਕੀਤਾ ਗਿਆ ਹੈ। ਇਸ ਦੇ ਸਿਹਰਾ ਬਹੁਤ ਸਾਰੀਆਂ ਚੀਜ਼ਾਂ ਹਨ ਜੋ ਪਹਿਲੀ ਵਾਰ ਹੋਇਆ ਹੈ। ਮੈਟਰੋ ਕੋਚਾਂ ਵਿੱਚ ਜਨਮਦਿਨ ਦੀਆਂ ਪਾਰਟੀਆਂ ਦਾ ਆਯੋਜਨ ਕਰਨਾ ਇੱਕ ਅਜਿਹੀ ਪਹਿਲ ਹੈ। ਇਹ ਕਾਨਪੁਰ ਵਿੱਚ ਵਧੇਰੇ ਪ੍ਰਸਿੱਧ ਹੋ ਗਿਆ ਹੈ, ਜਿੱਥੇ ਦਸੰਬਰ 2021 ਵਿੱਚ ਮੈਟਰੋ ਦੀ ਸ਼ੁਰੂਆਤ ਕੀਤੀ ਗਈ ਸੀ।

"ਜਨਮਦਿਨ ਦੇ ਜਸ਼ਨਾਂ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਉਸ ਸਮੇਂ ਲਈ ਟੋਕਨ ਖਰੀਦਣੇ ਪੈਣਗੇ ਜਿਸ ਲਈ ਉਹ ਮੈਟਰੋ ਵਿੱਚ ਰਹਿਣਾ ਚਾਹੁੰਦੇ ਹਨ ਅਤੇ 500 ਰੁਪਏ ਦੀ ਇੱਕ ਵਾਰ ਫੀਸ ਅਦਾ ਕਰਨੀ ਪਵੇਗੀ, ਜਿਸਦੀ ਵਰਤੋਂ ਅਸੀਂ ਕੋਚ ਨੂੰ ਸਜਾਉਣ ਲਈ ਕਰਾਂਗੇ," ਉਨ੍ਹਾਂ ਨੇ ਕਿਹਾ।

ਮਿਸ਼ਰਾ ਨੇ ਕਿਹਾ ਕਿ ਕਿਉਂਕਿ ਮੈਟਰੋ ਟਰੇਨਾਂ ਦੇ ਅੰਦਰ ਖਾਣ-ਪੀਣ ਦੀਆਂ ਚੀਜ਼ਾਂ ਦੀ ਇਜਾਜ਼ਤ ਨਹੀਂ ਹੈ, "ਅਸੀਂ ਸਿਰਫ ਪਰਿਵਾਰ ਦੇ ਮੈਂਬਰਾਂ ਜਾਂ ਦੋਸਤਾਂ ਨੂੰ ਕੇਕ ਨਾਲ ਫੋਟੋਆਂ ਖਿੱਚਣ ਦੀ ਇਜਾਜ਼ਤ ਦਿੰਦੇ ਹਾਂ।" ਕੈਂਪਸ ਵਿੱਚ ਨਿਰਧਾਰਤ ਸਥਾਨਾਂ 'ਤੇ ਕੀਤਾ ਜਾ ਸਕਦਾ ਹੈ। ਅਧਿਕਾਰੀਆਂ ਦੇ ਅਨੁਸਾਰ, ਲੋਕਾਂ ਨੂੰ "ਜਿਸ ਲੋਕਾਚਾਰ ਨੂੰ ਅਸੀਂ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਾਂ" ਦਾ ਹਿੱਸਾ ਬਣਨ ਲਈ ਉਤਸ਼ਾਹਿਤ ਕਰਨ ਲਈ ਵਰਤਮਾਨ ਵਿੱਚ ਛੂਟ ਵਾਲੀ ਦਰ 'ਤੇ ਇੱਕ ਵਾਰ ਦੀ ਫੀਸ ਲਈ ਜਾ ਰਹੀ ਹੈ। ਮਿਸ਼ਰਾ ਨੇ ਕਿਹਾ ਕਿ ਲੋਕਾਂ ਨੂੰ ਮੈਟਰੋ ਕੋਚਾਂ ਦੇ ਅੰਦਰ ਜਨਮਦਿਨ ਮਨਾਉਣ ਦੀ ਇਜਾਜ਼ਤ ਦੇਣ ਦੀ ਨੀਤੀ ਪਿਛਲੇ ਸਾਲ ਲਿਆਂਦੀ ਗਈ ਸੀ ਅਤੇ ਉਦੋਂ ਤੋਂ ਇਸ ਨੂੰ ਬਹੁਤ ਪ੍ਰਸ਼ੰਸਾ ਅਤੇ ਪ੍ਰਸਿੱਧੀ ਮਿਲੀ ਹੈ। ਉਨ੍ਹਾਂ ਦੱਸਿਆ ਕਿ ਇੱਕ ਜੋੜਾ ਪ੍ਰੀ-ਵੈਡਿੰਗ ਸੂਟ ਲਈ ਕੋਚ ਅਤੇ ਸਟੇਸ਼ਨ ਪਰਿਸਰ ਦੋਵਾਂ ਦੀ ਵਰਤੋਂ ਕਰ ਸਕਦਾ ਹੈ। ਉਨ੍ਹਾਂ ਕਿਹਾ, "10,000 ਰੁਪਏ ਦੀ ਇੱਕ ਵਾਰ ਫੀਸ ਲਈ ਜਾਂਦੀ ਹੈ। ਇਸ ਨਾਲ ਲਖਨਊ ਮੈਟਰੋ ਜਾਂ ਕਾਨ-ਪੁਰ ਮੈਟਰੋ ਵਿੱਚ ਛੇ ਤੋਂ ਅੱਠ ਘੰਟੇ ਦੀ ਸੂਟਿੰਗ ਕੀਤੀ ਜਾ ਸਕਦੀ ਹੈ।"




## 'ਸਰਾਭਾ' ਪੰਜਾਬੀ ਫ਼ਿਲਮ 3 ਨਵੰਬਰ ਨੂੰ ਰੀਲੀਜ਼ ਹੋ ਰਹੀ ਹੈ। ਦਰਸ਼ਕ ਕੈਨੇਡਾ ਵਿਚ ਹੇਠ ਲਿਖੇ ਸਿਨੇਮਾਂਘਰਾਂ ਵਿਚ ਇਸ ਫ਼ਿਲਮ ਨੂੰ ਦੇਖ ਸਕਦੇ ਹਨ

| CIRCUIT | THEATRE | CITY | PROV |
|---|---|---|---|
| CINEPLEX ENTERTAINMENT | ODEON SUNRIDGE SPECTRUM | CALGARY | AB |
| CINEPLEX ENTERTAINMENT | CINEPLEX CINEMAS MANNING TOWN CENTRE | EDMONTON | AB |
| CINEPLEX ENTERTAINMENT | SILVERCITY MISSION | MISSION | BC |
| CINEPLEX ENTERTAINMENT | CINEPLEX CINEMAS STRAWBERRY HILL | SURREY | BC |
| CINEPLEX ENTERTAINMENT | CINEMA CITY NORTHGATE | WINNIPEG | MB |
| CINEPLEX ENTERTAINMENT | CINEPLEX CINEMAS TRINITY DRIVE | MONCTON | NB |
| CINEPLEX ENTERTAINMENT | CINEPLEX CINEMAS PARK LANE | HALIFAX | NS |
| CINEPLEX ENTERTAINMENT | CINEPLEX AJAX | AJAX | ON |
| CINEPLEX ENTERTAINMENT | SILVERCITY BRAMPTON | BRAMPTON | ON |
| CINEPLEX ENTERTAINMENT | CINEPLEX CINEMAS COURTNEY PARK | MISSISSAUGA | ON |
| CINEPLEX ENTERTAINMENT | CINEPLEX CINEMAS WINSTON CHURCHILL | OAKVILLE | ON |
| CINEPLEX ENTERTAINMENT | ODEON SOUTH KEYS | OTTAWA | ON |
| CINEPLEX ENTERTAINMENT | ODEON EGLINTON TOWN CENTRE | SCARBOROUGH | ON |
| CINEPLEX ENTERTAINMENT | CINEPLEX CINEMAS YONGE-DUNDAS & VIP | TORONTO | ON |
| CINEPLEX ENTERTAINMENT | GALAXY WATERLOO | WATERLOO | ON |
| CINEPLEX ENTERTAINMENT | ODEON DEVONSHIRE MALL | WINDSOR | ON |
| CINEPLEX ENTERTAINMENT | CINEPLEX CINEMAS VAUGHAN | WOODBRIDGE | ON |
| CINEPLEX ENTERTAINMENT | CINEPLEX CINEMAS CHARLOTTETOWN | CHARLOTTETOWN | PEI |
| CINEPLEX ENTERTAINMENT | CINEPLEX FORUM | MONTREAL | QC |
| CINEPLEX ENTERTAINMENT | CINEPLEX CINEMAS NORMANVIEW | REGINA | SK |
| CINEPLEX ENTERTAINMENT | SCOTIABANK THEATRE SASKATOON & VIP | SASKATOON | SK |


REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3

"For all your real estate needs"
Anabela Serra
Sales Representative
416-400-5825
anabelserra75@gmail.com


98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5
$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8
$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0
$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8
$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ‘ਇੱਕ ਸ਼ਾਮ ਮਨੁੱਖਤਾ ਦੇ ਨਾਮ’ ਦੇ ਸਫਲ ਪ੍ਰੋਗਰਾਮ ਦਾ ਆਯੋਜਨ





ਮਿਸੀਸਾਗਾ (ਸੰਦੀਪ ਸਿੰਘ ਸੰਘਾ): ਬੀਤੇ ਐਤਵਾਰ ਸਹਾਇਤਾ ਸੰਸਥਾ ਵੱਲੋਂ “ਇੱਕ ਸ਼ਾਮ ਮਨੁੱਖਤਾ ਦੇ ਨਾਮ” ਦਾ ਬਹੁਤ ਹੀ ਸਫਲ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਹਾਇਤਾ ਸੰਸਥਾ ਵੱਲੋਂ ਪੰਜਾਬ ਵਿੱਚ ਸਮਾਜ ਭਲਾਈ ਲਈ ਕੀਤੇ ਜਾਂਦੇ ਵੱਖ ਵੱਖ ਕਾਰਜਾਂ ਦੀ ਜਾਣਕਾਰੀ ਸਾਂਝੀ ਕੀਤੀ ਗਈ। ਸਟੇਜ ਦੀ ਜ਼ੁੰਮੇਵਾਰੀ ਕਰਮਜੀਤ ਗਿੱਲ ਵੱਲੋਂ ਬਹੁਤ ਹੀ ਬਾਖੂਬੀ ਨਾਲ ਨਿਭਾਉਂਦੇ ਹੋਏ ਵੀਡੀਓਜ ਦੇ ਰਾਂਹੀ ਦਰਸਾਇਆ ਗਿਆ ਕੇ ਕਿਵੇਂ 75/100 ਡਾਲਰ ਦਾਨ ਕਰਕੇ ਕਿਸੇ ਲੋੜਵੰਦ ਦੀ ਜ਼ੁੰਦਿਗੀ ਬਦਲੀ ਜਾ ਸਕਦੀ ਹੈ। ਅਮਰੀਕਾ ਤੋਂ ਉਚੇਚੇ ਤੌਰ ਤੇ ਪਹੁੰਚੇ ਸਹਾਇਤਾ ਦੇ ਮੋਢੀ ਡਾਕਟਰ ਹਰਕੇਸ਼ ਸਿੰਘ ਸੰਧੂ ਨੇ ਬਹੁਤ ਹੀ ਵਿਸਥਾਰ ਵਿਚ ਦੱਸਿਆ ਕੇ ਕਿਵੇ ਸਹਾਇਤਾ ਸੰਸਥਾ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਜਿੱਥੇ 10000 ਤੋਂ ਵੱਧ ਅੱਖਾਂ ਦੇ ਅਪ੍ਰੇਸ਼ਨ ਕਰ ਚੁੱਕੀ ਹੈ। ਉੱਥੇ ਹੀ ਸਿੱਖਿਆ ਦੇ ਖੇਤਰ ਪੰਜਾਬ ਦੇ ਵੱਖ-ਵੱਖ ਜਿਲਿਆਂ ਵਿੱਚ ਸਕੂਲ ਗੋਦ ਲੈ ਕੇ ਉਹਨਾਂ ਨੂੰ ਕਨੇਡਾ ਅਮਰੀਕਾ ਦੇ ਸਕੂਲਾਂ ਦੇ ਬਰਾਬਰ ਦਾ ਬੁਨਿਆਦੀ ਢਾਂਚਾ ਤੇ ਸਟਾਫ ਮੁਹੱਈਆ ਕਰਵਾਇਆ ਜਾਂਦਾ ਹੈ। ਖੁਦਕੁਸ਼ੀ ਕਰ ਗਏ ਕਿਸਾਨਾਂ ਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੀ ਪੜਾਈ ਦਾ ਖਰਚ, ਗੂੰਗੇ ਤੇ ਬੋਲੇ ਬੱਚਿਆਂ ਲਈ ਸਕੂਲ ਤੇ ਲੋੜਵੰਦਾਂ ਲਈ ਵੀਲਚੇਅਰ, ਟਰਾਈਸਾਇਕਲ ਤੇ ਨਕਲੀ ਅੰਗਾਂ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਕਿਵੇ ਵੱਖ-ਵੱਖ ਪਿੰਡਾਂ ਵਿੱਚ ਅੱਖਾਂ ਦੇ ਕੈਂਪ ਲਗਾਏ ਜਾਂਦੇ ਹਨ ਤੇ ਜਲੰਧਰ ਜਿਲੇ ਦੇ ਪਿੰਡ ਰੁੜਕਾ ਕਲਾਂ ਵਿਖੇ ਫਿਜਿਓਥ੍ਰੈਪੀ ਸੈਂਟਰ ਸਥਾਪਿਤ ਕੀਤਾ ਗਿਆ। ਸਹਾਰਾ ਫੂਡ ਬੈਂਕ ਤੇ ਸਹਾਰਾ ਮੈਡੀਕਲ ਕਲੀਨਿਕ ਤੋਂ ਪਹੁੰਚੇ ਦਿਮਾਗ ਦੇ ਰੋਗਾਂ ਦੇ ਮਾਹਰ ਡਾਕਟਰ ਉਪਨਿੰਦਰਜੀਤ ਸਿੰਘ ਯੋਗੀ ਹੋਰਾਂ ਵੱਲੋਂ ਦੱਸਿਆ ਗਿਆ ਕੇ ਕਿਵੇ ਉਹਨਾਂ ਦੀ ਸੰਸਥਾ ਲੋੜਵੰਦਾਂ ਖਾਸ ਕਰ ਅੰਤਰ-ਰਾਸ਼ਟਰੀ ਵਿਦਿਆਰਥੀਆਂ ਦੀ ਮਦਦ ਕਰ ਰਹੀ ਹੈ। ਪ੍ਰੋਗਰਾਮ ਦੇ ਆਖ਼ਰ ਵਿੱਚ ਸੰਸਥਾ ਵੱਲੋਂ ਸਮਾਜਿਕ ਭਲਾਈ ਲਈ ਕੰਮ ਕਰਨ ਵਾਲੀਆਂ ਵੱਖ-ਵੱਖ ਸ਼ਖਸ਼ੀਅਤਾਂ ਜਿੰਨਾ ਵਿੱਚ ਸੁਮਨ ਰੂਪਰਾਏ ਜੀ ਜਿੰਨਾ ਨੇ ਆਪਣੇ ਪਿਤਾ ਜੀ ਦੀ ਯਾਦ ਵਿੱਚ ਐਂਬੂਲੈਂਸ ਦਾਨ ਕੀਤੀ, ਸਾਕਰ ਅਕੈਡਮੀ ਸਕਿੱਲ ਐਂਡ ਡ੍ਰਿਲ ਤੋ ਅਮਰੀਕ ਹੇਅਰ, ਮਿਸਟਰ ਸਿੰਘ ਪੀਜਾ ਤੋਂ ਰਾਵਲ ਸਿੰਘ ਢੱਡਾ ਤੇ ਪੰਮਾ ਗਿੱਲ ਅਤੇ ਕਿਸਾਨ ਮੋਰਚੇ ਦੀ ਬਹੁਚਰਚਿਤ ਧੀ ਸਮ੍ਰਿਤੀ ਆਰੀਆ (ਜੋ ਕਿ ਨਾਨ ਫਾਰਮਰ ਤੇ ਨਾਨ ਪੰਜਾਬੀ ਹੋਣ ਦੇ ਬਾਵਜੂਦ ਵੀ ਉੱਥੇ ਨਿਰੰਤਰ ਸੇਵਾ ਕਰਦੀ ਰਹੀ) ਦਾ ਸਨਮਾਨ ਕੀਤਾ ਗਿਆ। ਪ੍ਰੋਗਰਾਮ ਵਿੱਚ ਜਿੱਥੇ ਕਮਊਨਟੀ ਦੀਆਂ ਉੱਘੀਆਂ ਹਸਤੀਆਂ ਪਹੁੰਚੀਆਂ ਉਥੇ ਹੀ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ, ਸੀਨੀਅਰ ਕਲੱਬਾਂ ਦੇ ਨੁਮਾਇੰਦੇ ਅਤੇ ਮੀਡੀਆ ਅਦਾਰੇ ਵੀ ਵੱਧ ਚੜ ਕੇ ਪਹੁੰਚੇ। ਪ੍ਰੋਗਰਾਮ ਵਿਚ ਆਏ ਮਹਿਮਾਨ ਜਿੱਥੇ ਸਹਾਇਤਾ ਵੱਲੋਂ ਕੀਤੇ ਜਾਂਦੇ ਕਾਰਜਾਂ ਅਤੇ ਉੱਥੇ ਆਏ ਮਹਿਮਾਨਾਂ ਨੂੰ ਸਮਾਜ ਭਲਾਈ ਦੇ ਕੰਮ ਕਰਨ ਲਈ ਪ੍ਰਰੇਤ ਕਰਨ ਲਈ ਵੀ ਸੰਸਥਾ ਦੀ ਸ਼ਲਾਘਾ ਕਰਦੇ ਸੁਣੇ ਗਏ। ਇਸ ਪ੍ਰੋਗਰਾਮ ਦੀ ਸਫਲਤਾ ਲਈ ਕਰਮਜੀਤ ਗਿੱਲ, ਸੈਂਡੀ ਗਰੇਵਾਲ਼ , ਕਮਲ ਜੌਹਲ, ਗਾਰਥ ਨਾਗਰਾ, ਵਰਿੰ-ਦਰ ਗਿੱਲ, ਨਿਰਲੇਪ ਗਿੱਲ ਸੁਰਿੰਦਰ ਸਿੰਘ ਸੰਧੂ ਤੇ ਸਹਾਇਤਾ ਦੇ ਸਾਰੇ ਵਲੰਟੀਅਰ ਹੀ ਵਧਾਈ ਦੇ ਪਾਤਰ ਹਨ। ਸਹਾਇਤਾ ਬਾਰੇ ਵਧੇਰੇ ਜਾਣਕਾਰੀ ਲਈ ਸੰਪਰਕ :-ਕਰਮਜੀਤ ਸਿੰਘ ਗਿੱਲ: 647 273 4243

# ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕੀਤਾ ਐਲਾਨ, 5 ਹਜ਼ਾਰ ਸਫ਼ਾਈ ਕਰਮਚਾਰੀ ਹੋਣਗੇ ਪੱਕੇ



ਨਵੀਂ ਦਿੱਲੀ, 1 ਨਵੰਬਰ (ਪੋਸਟ ਬਿਊਰੋ): ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਨਗਰ ਨਿਗਮ ਦੇ ਸਫਾਈ ਕਰਮਚਾਰੀਆਂ ਲਈ ਖੁਸ਼ਖਬਰੀ ਦਿੱਤੀ ਹੈ। ਉਨ੍ਹਾਂ ਨੇ ਨਗਰ ਨਿਗਮ ਦੇ ਕਰੀਬ 5 ਹਜ਼ਾਰ ਮੁਲਾਜ਼ਮਾਂ ਦੀਆਂ ਨੌਕਰੀਆਂ ਸੁਰੱਖਿਅਤ ਕਰਨ ਦੀ ਗੱਲ ਕਹੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਉਨ੍ਹਾਂ ਦੀ ਸਰਕਾਰ ਨੇ 6 ਹਜ਼ਾਰ ਤੋਂ ਵੱਧ ਸਫ਼ਾਈ ਕਰਮਚਾਰੀਆਂ ਨੂੰ ਪੱਕਾ ਕੀਤਾ ਹੈ। ਇਸ ਐਲਾਨ ਤੋਂ ਬਾਅਦ ਉਨ੍ਹਾਂ ਨੇ ਭਾਜਪਾ 'ਤੇ ਵੀ ਹਮਲਾ ਬੋਲਿਆ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ, 'ਕੱਲ੍ਹ ਨਗਰ ਨਿਗਮ ਹਾਊਸ ਦੀ ਮੀਟਿੰਗ ਹੋਈ ਸੀ। ਉਸ ਮੀਟਿੰਗ ਵਿੱਚ ਪ੍ਰਸਤਾਵ ਪੇਸ਼ ਕਰਦਿਆਂ ਨਗਰ ਨਿਗਮ ਦੇ ਕਰੀਬ 5 ਹਜ਼ਾਰ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਜਨਵਰੀ ਵਿੱਚ ਜਦੋਂ ਤੋਂ ਨਗਰ ਨਿਗਮ ਵਿੱਚ ਸਾਡੀ ਸਰਕਾਰ ਬਣੀ ਹੈ, ਅਸੀਂ ਹੁਣ ਤੱਕ 6,494 ਸਫ਼ਾਈ ਕਰਮਚਾਰੀਆਂ ਨੂੰ ਪੱਕਾ ਕੀਤਾ ਹੈ।

ਇਸ ਦੌਰਾਨ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਭਾਜਪਾ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ 15 ਸਾਲਾਂ ਤੋਂ ਨਗਰ ਨਿਗਮ ਵਿੱਚ ਭਾਜਪਾ ਦੀ ਸਰਕਾਰ ਰਹੀ ਜਿਸ ਨੇ ਸਫ਼ਾਈ ਕਰਮਚਾਰੀਆਂ ਦਾ ਸ਼ੋਸ਼ਣ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਪਹਿਲਾਂ ਨਗਰ ਨਿਗਮ ਵਿੱਚ ਬਹੁਤ ਭ੍ਰਿਸ਼ਟਾਚਾਰ ਹੁੰਦਾ ਸੀ। ਅਸੀਂ ਸੁਣਦੇ ਸੀ ਕਿ ਸਫਾਈ ਕਰਮਚਾਰੀਆਂ ਨੂੰ 3-4 ਮਹੀਨਿਆਂ ਤੋਂ ਤਨਖਾਹ ਨਹੀਂ ਮਿਲ ਰਹੀ। ਮੁਲਾਜ਼ਮਾਂ ਨੂੰ ਰੋਸ ਪ੍ਰਦਰਸ਼ਨ ਕਰਨਾ ਪਿਆ। ਪਰ ਪਿਛਲੇ 10 ਮਹੀਨਿਆਂ 'ਚ ਅਸੀਂ ਕਈ ਗਲਤ ਕੰਮਾਂ 'ਤੇ ਰੋਕ ਲਗਾ ਦਿੱਤੀ ਹੈ, ਜਿਸ ਤੋਂ ਬਾਅਦ ਹੁਣ ਸਫਾਈ ਕਰਮਚਾਰੀਆਂ ਨੂੰ ਸਮੇਂ 'ਤੇ ਤਨਖਾਹ ਮਿਲਣੀ ਸ਼ੁਰੂ ਹੋ ਗਈ ਹੈ।

# ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਵਿਅਕਤੀ ਨੂੰ ਸਕਾਰਪੀਓ ਗੱਡੀ ਨਾਲ ਦਰੜਿਆ, ਵੀਡੀਓ ਵਾਇਰਲ, 3 ਕਾਬੂ



ਕਰਨਾਟਕ, 1 ਨਵੰਬਰ (ਪੋਸਟ ਬਿਊਰੋ): ਬੈਂਗਲੁਰੂ ਵਿਚ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਵਿਅਕਤੀ ਦਾ ਜਨਤਕ ਤੌਰ ’ਤੇ ਕੀਤੇ ਗਏ ਕਤਲ ਦਾ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਿਹਾ ਹੈ। ਵੀਡੀਓ ਵਿਚ ਆਪਣੀ ਜਾਨ ਬਚਾਉਣ ਲਈ ਭੱਜ ਰਹੇ ਵਿਅਕਤੀ ਨੂੰ ਸਕਾਰਪੀਓ ਕਾਰ ਨੇ ਪਿੱਛਾ ਕਰਕੇ ਕੁਚਲ ਕੇ ਮੌਤ ਦੇ ਘਾਟ ਉਤਾਰ ਦਿੱਤਾ ਹੈ। ਇਹ ਘਟਨਾ 18 ਅਕਤੂਬਰ ਨੂੰ ਦੁਪਹਿਰ ਕਰੀਬ 12:30 ਵਜੇ ਸ਼ਹਿਰ ਦੇ ਪੁਲਕੇਸ਼ੀ ਨਗਰ ਇਲਾਕੇ ‘ਚ ਵਾਪਰੀ, ਜਿਸ ਦੀ ਵੀਡੀਓ ਹੁਣ ਸਾਹਮਣੇ ਆਈ ਹੈ। ਇਸ ਘਟਨਾ ਦੇ ਮੁੱਖ ਦੋਸ਼ੀ ਦੀ ਪਛਾਣ ਅਮਰੀਨ ਵਜੋਂ ਹੋਈ ਹੈ, ਜਿਸ ਨੂੰ ਦੋ ਹੋਰ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਸਾਰਿਆਂ ਨੇ ਆਪਣਾ ਜੁਰਮ ਕਬੂਲ ਕਰ ਲਿਆ ਹੈ ਅਤੇ ਕਿਹਾ ਹੈ ਕਿ ਇਹ ਸਾਰਾ ਝਗੜਾ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਸੀ।

ਮ੍ਰਿਤਕ ਦੀ ਪਛਾਣ ਅਸਗਰ ਵਜੋਂ ਹੋਈ ਹੈ। ਵੀਡੀਓ ‘ਚ ਸਕਾਰਪੀਓ ਕਾਰ ਅਸਗਰ ਦਾ ਪਿੱਛਾ ਕਰਦੀ ਨਜ਼ਰ ਆ ਰਹੀ ਹੈ। ਉਹ ਆਪਣੇ ਆਪ ਨੂੰ ਬਚਾਉਣ ਲਈ ਇਧਰ-ਉਧਰ ਭੱਜਦਾ ਹੈ। ਹਾਲਾਂਕਿ, ਅਖੀਰ ਵਿੱਚ ਦੋਸ਼ੀ ਉਸਨੂੰ ਆਪਣੀ ਕਾਰ ਨਾਲ ਕੁਚਲ ਕੇ ਮਾਰ ਦਿੰਦਾ ਹੈ। ਇਸ ਤੋਂ ਬਾਅਦ ਉਹ ਪੀੜਤਾ ਨੂੰ ਉੱਥੇ ਛੱਡ ਕੇ ਮੌਕੇ ਤੋਂ ਭੱਜ ਜਾਂਦਾ ਹੈ। ਇਲਾਕੇ ਦੀ ਟ੍ਰੈਫਿਕ ਪੁਲਿਸ ਨੇ ਪਹਿਲਾਂ ਤਾਂ ਇਸ ਮਾਮਲੇ ਨੂੰ ਹਾਦਸਾ ਕਰਾਰ ਦਿੱਤਾ ਪਰ ਮਾਮਲੇ ਨੇ ਉਸ ਸਮੇਂ ਨਵਾਂ ਮੋੜ ਲੈ ਲਿਆ ਜਦੋਂ ਅਸਗਰ ਦੇ ਦੋਸਤ ਦੇ ਬਿਆਨ ‘ਚ ਮੁਲਜ਼ਮ ਦਾ ਨਾਂ ਸਾਹਮਣੇ ਆਇਆ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 33-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Well settled family living in canada from 16 years.
Call: 204-510-7658 or 519-917-5055

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਕਾਂਗਰਸੀ ਨੇਤਾਵਾਂ ਨੇ ਪੰਜਾਬ ਵਿਧਾਨ ਸਭਾ ਵਿੱਚ ਵ੍ਹਾਈਟ ਪੇਪਰ ਲਿਆ ਕੇ ਐੱਸ.ਵਾਈ.ਐੱਲ. ਨਹਿਰ ਦੇ ਸੋਹਲੇ ਗਾਏ ਸਨ : ਮੁੱਖ ਮੰਤਰੀ

## *ਸਤਲੁਜ-ਯਮੁਨਾ ਲਿੰਕ ਨਹਿਰ ਪੰਜਾਬ ਦੀ ਲੀਡਰਸ਼ਿਪ ਵੱਲੋਂ ਆਪਣੇ ਹੀ ਸੂਬੇ ਅਤੇ ਲੋਕਾਂ ਦੇ ਵਿਰੁੱਧ ਫਰੇਬ, ਗੱਦਾਰੀ ਅਤੇ ਗੁਨਾਹਾਂ ਭਰੀ ਗਾਥਾ * ਬਾਦਲ ਤੇ ਬਰਨਾਲਾ ਨੇ ਗਰਮਜੋਸ਼ੀ ਨਾਲ ਐਸ.ਵਾਈ.ਐਲ. ਦੇ ਪ੍ਰਾਜੈਕਟ ਦੀ ਯੋਜਨਾ ਘੜੀ ਅਤੇ ਪੂਰੇ ਉਤਸ਼ਾਹ ਨਾਲ ਪ੍ਰਾਜੈਕਟ ਲਾਗੂ ਕਰਨ ਦੀ ਕੋਸ਼ਿਸ਼ ਵੀ ਕੀਤੀ

ਲੁਧਿਆਣਾ, 1 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਕਾਂਗਰਸ ਲੀਡਰਸ਼ਿਪ ਨੇ ਬੇਝਿਜਕ ਹੋ ਕੇ '80ਵਿਆਂ ਵਿੱਚ ਪੰਜਾਬ ਵਿਧਾਨ ਸਭਾ ਦੇ ਸਦਨ ਵਿੱਚ ਵ੍ਹਾਈਟ ਪੇਪਰ ਲਿਆ ਕੇ ਸਤਲੁਜ-ਯਮੁਨਾ ਲਿੰਕ (ਐਸ.ਵਾਈ.ਐਲ.) ਨਹਿਰ ਦੇ ਹੱਕ ਵਿੱਚ ਕਸੀਦੇ ਪੜ੍ਹੇ ਸਨ।

ਅੱਜ ਇੱਥੇ 'ਮੈਂ ਪੰਜਾਬ ਬੋਲਦਾ ਹਾਂ' ਬਹਿਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਸਤਲੁਜ ਯਮੁਨਾ ਲਿੰਕ ਨਹਿਰ ਪੰਜਾਬ ਦੇ ਸਿਆਸੀ ਆਗੂਆਂ ਵੱਲੋਂ ਆਪਣੇ ਹੀ ਸੂਬੇ ਅਤੇ ਲੋਕਾਂ ਨਾਲ ਕੀਤੇ ਫਰੇਬ, ਗੱਦਾਰੀ ਅਤੇ ਗੁਨਾਹ ਦੀ ਦਰਦ ਭਰੀ ਗਾਥਾ ਹੈ।" ਉਨ੍ਹਾਂ ਕਿਹਾ ਕਿ ਸੂਬਿਆਂ ਦਰਮਿਆਨ ਪਾਣੀਆਂ ਦੇ ਮਸਲੇ ਹੱਲ ਕਰਨ ਲਈ ਦੇਸ਼ ਭਰ ਵਿੱਚ ਇਕ ਹੀ ਐਕਟ-'ਅੰਤਰ-ਰਾਜੀ ਦਰਿਆਈ ਪਾਣੀਆਂ ਵਿਵਾਦ ਐਕਟ-1956' ਲਾਗੂ ਹੈ ਪਰ ਸਿਰਫ ਪੰਜਾਬ ਹੀ ਅਜਿਹਾ ਸੂਬਾ ਹੈ ਜਿੱਥੇ 'ਪੰਜਾਬ ਪੁਨਰਗਠਨ ਐਕਟ-1966' ਵਿੱਚ ਪੰਜਾਬ ਤੇ ਹਰਿਆਣਾ ਦਰਮਿਆਨ ਪਾਣੀ ਦੀ ਵੰਡ ਲਈ ਵੱਖਰੀ ਵਿਵਸਥਾ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਨਾਲ ਹਮੇਸ਼ਾ ਹੀ ਵਿਤਕਰਾ ਕੀਤਾ ਹੈ ਪਰ ਪੰਜਾਬ ਦੇ ਨੇਤਾਵਾਂ ਨੇ ਇਸ ਵਿਸ਼ਵਾਸਘਾਤ ਵਾਲੇ ਕਦਮ ਨੂੰ ਸਹੀ ਠਹਿਰਾਉਣ ਲਈ ਵ੍ਹਾਈਟ ਪੇਪਰ ਲਿਆਂਦਾ ਜੋ ਕਿ ਸ਼ਰਮਨਾਕ ਗੱਲ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ 'ਪੰਜਾਬ ਪੁਨਰਗਠਨ ਐਕਟ-1966' ਦੇ ਮੁਤਾ-ਬਕ ਪੰਜਾਬ ਤੇ ਹਰਿਆਣਾ ਦਰਮਿਆਨ ਸਾਰੇ ਅਸਾਸਿਆਂ ਦੀ ਵੰਡ 60:40 ਦੇ ਅਨੁਪਾਤ ਮੁਤਾਬਕ ਹੋਈ ਸੀ ਪਰ ਤਤਕਾਲੀ ਪ੍ਰਧਾਨ ਮੰਤਰੀ ਸ੍ਰੀਮਤੀ ਇੰ-ਦਰਾ ਗਾਂਧੀ ਨੇ 24 ਮਾਰਚ, 1976 ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਧੱਕੇਸ਼ਾਹੀ ਨਾਲ ਪੰਜਾਬ ਤੇ ਹਰਿਆਣਾ ਦਰਮਿਆਨ ਰਾਵੀ-ਬਿਆਸ ਪਾਣੀਆਂ ਦੀ ਵੰਡ 50:50 ਦੇ ਅਨੁਪਾਤ ਨਾਲ ਕਰ ਦਿੱਤੀ ਜੋ ਸਿੱਧੇ ਤੌਰ ਉਤੇ ਪੰਜਾਬ ਦੇ ਹਿੱਤਾਂ ਦੇ ਖ਼ਿਲਾਫ਼ ਸੀ। ਉਨ੍ਹਾਂ ਕਿਹਾ ਕਿ ਉਸ ਮੌਕੇ ਸੂਬੇ ਦੇ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਨੇ ਪੰਜਾਬ ਦੇ ਹਿੱਤਾਂ ਨੂੰ ਅਣਗੌਲਿਆ ਕੀਤਾ ਅਤੇ ਕੇਂਦਰ ਸਰਕਾਰ ਦੀ ਕਠਪੁਤਲੀ ਵਾਂਗ ਭੂਮਿਕਾ ਨਿਭਾਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇੱਥੇ ਹੀ ਬੱਸ ਨਹੀਂ, ਸਗੋਂ 16 ਨਵੰਬਰ, 1976 ਨੂੰ ਉਨ੍ਹਾਂ ਨੇ ਇਕ ਕਰੋੜ ਰੁਪਏ ਦਾ ਚੈੱਕ ਪ੍ਰਾਪਤ ਕੀਤਾ ਅਤੇ ਐਸ.ਵਾਈ.ਐਲ. ਦੇ ਨਿਰਮਾਣ ਵਿੱਚ ਤੇਜ਼ੀ ਲਿਆਂਦੀ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਾਲ 1977 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪ੍ਰਕਾਸ਼ ਸਿੰਘ ਬਾਦਲ ਨੇ ਹਰਿਆਣਾ ਨੂੰ ਐਸ.ਵਾਈ.ਐਲ. ਰਾਹੀਂ ਪਾਣੀ ਦੇਣ ਦੇ ਕੰਮ ਨੂੰ ਇਕ ਵਾਰ ਵੀ ਨਹੀਂ ਰੋਕਿਆ। ਉਨ੍ਹਾਂ ਦੱਸਿਆ ਕਿ ਬਾਦਲ ਨੇ 4 ਜੁਲਾਈ, 1978 ਨੂੰ ਪੱਤਰ ਨੰਬਰ 23617 ਰਾਹੀਂ ਐਸ.ਵਾਈ.ਐਲ. ਦੇ ਨਿਰਮਾਣ ਲਈ ਹੋਰ ਤਿੰਨ ਕਰੋੜ ਰੁਪਏ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ 31 ਮਾਰਚ, 1979 ਨੂੰ ਤਤਕਾਲੀ ਅਕਾਲੀ ਸਰਕਾਰ ਨੇ ਐਸ.ਵਾਈ.ਐਲ. ਨਹਿਰ ਦੇ ਨਿਰਮਾਣ ਲਈ ਹਰਿਆਣਾ ਸਰਕਾਰ ਪਾਸੋਂ 1.5 ਕਰੋੜ ਦੀ ਰਾਸ਼ੀ ਪ੍ਰਾਪਤ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਬਾਦਲ ਨੇ ਐਮਰਜੈਂਸੀ ਕਲਾਜ਼ ਲਾਗੂ ਕਰਕੇ ਬਹੁਤ ਥੋੜ੍ਹੇ ਸਮੇਂ ਵਿੱਚ ਐਸ.ਵਾਈ.ਐਲ. ਨਹਿਰ ਦੀ ਉਸਾਰੀ ਲਈ ਲੋੜੀਂਦੀ ਜ਼ਮੀਨ ਐਕੁਵਾਇਰ ਕੀਤੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਹਰਿਆਣਾ ਸਰਕਾਰ ਨਾਲ ਸਾਂਝ ਇਸ ਤੱਥ ਤੋਂ ਸਪੱਸ਼ਟ ਹੋ ਜਾਂਦੀ ਹੈ ਕਿ ਹਰਿਆਣਾ ਵਿਧਾਨ ਸਭਾ ਦੇ ਇਜਲਾਸ (1 ਮਾਰਚ, 1978 ਤੋਂ 7 ਮਾਰਚ, 1978 ਤੱਕ) ਦੌਰਾਨ ਹਰਿਆਣਾ ਦੇ ਤਤਕਾਲੀ ਮੁੱਖ ਮੰਤਰੀ ਚੌਧਰੀ ਦੇਵੀ ਲਾਲ ਨੇ ਕਿਹਾ, "ਬਾਦਲ ਨਾਲ ਮੇਰੇ ਨਿੱਜੀ ਰਿਸ਼ਤਿਆਂ ਕਾਰਨ ਪੰਜਾਬ ਸਰਕਾਰ ਨੇ ਐਸ.ਵਾਈ.ਐਲ. ਨਹਿਰ ਲਈ ਧਾਰਾ-4 ਅਤੇ ਧਾਰਾ-17 (ਐਮਰਜੈਂਸੀ ਕਲਾਜ਼) ਤਹਿਤ ਜ਼ਮੀਨ ਐਕੁਵਾਇਰ ਕੀਤੀ ਅਤੇ ਪੰਜਾਬ ਸਰਕਾਰ ਇਸ ਕਾਰਜ ਲਈ ਆਪਣੇ ਵੱਲੋਂ ਪੂਰੀ ਵਾਹ ਲਾ ਰਹੀ ਹੈ।" ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਤੋਂ ਇਨ੍ਹਾਂ ਲੀਡਰਾਂ ਵੱਲੋਂ ਸੂਬੇ ਨੂੰ ਆਪਣੇ ਪਾਣੀਆਂ ਤੋਂ ਵਾਂਝਾ ਕਰਨ ਦੀ ਆਪਸੀ ਗੰਢਤੁੱਪ ਦਾ ਪਤਾ ਲਗਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕਹਾਣੀ ਇੱਥੇ ਹੀ ਖਤਮ ਨਹੀਂ ਹੋਈ ਕਿਉਂਕਿ ਸਾਲ 1998 ਵਿੱਚ ਜਦੋਂ ਪ੍ਰਕਾਸ਼ ਸਿੰਘ ਬਾਦਲ ਇਕ ਵਾਰ ਫੇਰ ਮੁੱਖ ਮੰਤਰੀ ਬਣੇ ਤਾਂ ਉਨ੍ਹਾਂ ਨੇ ਭਾਖੜਾ ਮੇਨ ਲਾਈਨ ਦੇ ਕਿਨਾਰਿਆਂ ਨੂੰ ਲਗਪਗ ਇਕ ਫੁੱਟ ਉੱਚਾ ਕਰ ਦਿੱਤਾ ਤਾਂ ਕਿ ਹਰਿਆਣਾ ਨੂੰ ਹੋਰ ਪਾਣੀ ਦਿੱਤਾ ਜਾ ਸਕੇ ਅਤੇ ਇਸ ਮੰਤਵ ਲਈ ਹਰਿਆਣਾ ਪਾਸੋਂ 45 ਕਰੋੜ ਰੁਪਏ ਵੀ ਹਾਸਲ ਕੀਤੇ। ਉਨ੍ਹਾਂ ਕਿਹਾ ਕਿ ਬਾਦਲ ਨੇ 'ਬਾਲਾਸਰ ਨਹਿਰ ਦੀ ਉਸਾਰੀ' ਲਈ ਪੰਜਾਬ ਨਾਲ ਧ੍ਰੋਹ ਕਮਾਇਆ। ਬਾਲਾ-ਸਰ ਨਹਿਰ ਬਾਦਲ ਦੇ ਫਾਰਮ ਹਾਊਸ ਤੱਕ ਬਣਾਈ ਗਈ ਜੋ ਕਿ ਹਰਿਆਣਾ ਸਰਕਾਰ ਨੇ ਪੰਜਾਬ ਨਾਲ ਕੀਤੀ ਗੱਦਾਰੀ ਦੇ ਇਵਜ਼ ਵਿੱਚ ਬਾਦਲ ਨੂੰ ਸੌਗਾਤ ਦਿੱਤੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਕਦਮਾਂ ਰਾਹੀਂ ਬਾਦਲ ਨੇ ਆਪਣੇ ਨਿੱਜੀ ਹਿੱਤ ਪੂਰਨ ਲਈ ਹਰਿਆਣਾ ਨੂੰ ਪਾਣੀ ਦਿੱਤਾ ਅਤੇ ਹਰਿਆਣਾ ਨੇ ਤੋਹਫੇ ਵਜੋਂ ਫਾਰਮ ਲਈ ਨਹਿਰ ਬਣਾ ਕੇ ਦਿੱਤੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਇਸ ਗੱਲ ਤੋਂ ਸਪੱਸ਼ਟ ਹੈ ਕਿ ਅਕਾਲੀ ਸਰਕਾਰ ਨੇ ਪੰਜਾਬ ਦੇ ਲੋਕਾਂ ਦੇ ਹਿੱਤਾਂ ਨਾਲ ਧ੍ਰੋਹ ਕਮਾ ਕੇ ਲੋਕਾਂ ਨਾਲੋਂ ਆਪਣੇ ਨਿੱਜੀ ਹਿੱਤਾਂ ਨੂੰ ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਵੰਡ ਬਾਰੇ 31 ਦਸੰਬਰ, 1981 ਨੂੰ ਉਦੋਂ ਦੇ ਮੁੱਖ ਮੰਤਰੀ ਦਰਬਾਰਾ ਸਿੰਘ, ਹਰਿਆਣਾ ਦੇ ਮੁੱਖ ਮੰਤਰੀ ਤੇ ਰਾਜਸਥਾਨ ਦੇ ਮੁੱਖ ਮੰਤਰੀ ਵਿਚਾਲੇ ਸ੍ਰੀਮਤੀ ਇੰਦਰਾ ਗਾਂਧੀ ਦੀ ਹਾਜ਼ਰੀ ਵਿੱਚ ਸਮਝੌਤਾ ਹੋਇਆ ਸੀ ਕਿਉਂਕਿ ਉਸ ਸਮੇਂ ਕੇਂਦਰ ਤੇ ਇਨ੍ਹਾਂ ਤਿੰਨਾਂ ਸੂਬਿਆਂ ਵਿੱਚ ਕਾਂਗਰਸ ਦੀਆਂ ਸਰਕਾਰਾਂ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਸ ਸਮੇਂ ਦੇ ਕਾਂਗਰਸ ਦੇ ਮੁੱਖ ਮੰਤਰੀ ਨੇ ਕੇਂਦਰ ਸਰਕਾਰ ਦੇ ਨਾਜਾਇਜ਼ ਆਦੇਸ਼ ਉਤੇ ਪੰਜਾਬ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ।



ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਝੌਤੇ ਅਨੁਸਾਰ ਰਾਵੀ-ਬਿਆਸ ਦਾ 75 ਫੀਸਦ ਪਾਣੀ ਗੈਰ-ਰਿਪੇਰੀਅਨ ਰਾਜਾਂ ਹਰਿਆਣਾ ਅਤੇ ਰਾਜਸਥਾਨ ਨੂੰ ਦਿੱਤਾ ਗਿਆ ਅਤੇ ਕਿਸਾਨਾਂ ਦੇ ਸਖ਼ਤ ਵਿਰੋਧ ਦੇ ਬਾਵਜੂਦ ਸ੍ਰੀਮਤੀ ਇੰਦਰਾ ਗਾਂਧੀ ਅਤੇ ਕੈਪਟਨ ਅਮਰਿੰਦਰ ਸਿੰਘ ਨੇ 08 ਅਪ੍ਰੈਲ, 1982 ਨੂੰ ਚੌਧਰੀ ਬਲਰਾਮ ਜਾਖੜ ਦੀ ਹਾਜ਼ਰੀ ਵਿੱਚ ਚਾਂਦੀ ਦੀ ਕਹੀ ਨਾਲ ਟੱਕ ਲਾਉਣ ਦੀ ਰਸਮ ਅਦਾ ਕਰਕੇ ਐਸ.ਵਾਈ.ਐਲ. ਦੀ ਉਸਾਰੀ ਦਾ ਮੁੱਢ ਬੰਨ੍ਹਿਆ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਰਾਜ ਦੌਰਾਨ ਵੀ ਸ਼੍ਰੋਮਣੀ ਅਕਾਲੀ ਦਲ ਨੇ 24 ਜੁਲਾਈ, 1985 ਨੂੰ ਸ੍ਰੀ ਰਾਜੀਵ ਗਾਂਧੀ ਅਤੇ ਅਕਾਲੀ ਆਗੂ ਸੰਤ ਹਰਚੰਦ ਸਿੰਘ ਲੌਂਗੋਵਾਲ ਦਰਮਿਆਨ ਰਾਜੀਵ-ਲੌਂਗੋਵਾਲ ਸਮਝੌਤੇ 'ਤੇ ਦਸਤਖਤ ਕੀਤੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇ ਵੀ ਐਸ.ਵਾਈ.ਐਲ. ਨਹਿਰ ਦੀ ਉਸਾਰੀ ਨੂੰ ਅੱਗੇ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਦਲ ਨੇ ਆਪਣੇ ਇਸ ਕਾਰਨਾਮੇ ਰਾਹੀਂ ਇਹ ਪੱਕਾ ਕਰ ਦਿੱਤਾ ਕਿ ਪੰਜਾਬ ਨੂੰ ਭਵਿੱਖ ਵਿੱਚ ਦਰਿਆਈ ਪਾਣੀਆਂ 'ਤੇ ਉਸ ਦਾ ਹੱਕ ਨਾ ਮਿਲੇ। ਉਨ੍ਹਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਨੇ ਆਪਣੇ ਕਾਰਜਕਾਲ (1985 ਤੋਂ 1987) ਦੌਰਾਨ ਨਾ ਸਿਰਫ਼ ਐਸ.ਵਾਈ.ਐਲ. ਦੀ ਲੰਬਿਤ ਉਸਾਰੀ ਨੂੰ ਯਕੀਨੀ ਬਣਾਇਆ, ਸਗੋਂ ਇਸ ਸਮੇਂ ਦੌਰਾਨ ਨਹਿਰ ਦੀ ਉਸਾਰੀ ਦਾ ਜ਼ਿਆਦਾਤਰ ਕੰਮ ਮੁਕੰਮਲ ਵੀ ਹੋਇਆ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪ੍ਰਾਜੈਕਟ ਲਈ ਜ਼ਮੀਨ ਐਕੁਆਇਰ ਕਰਕੇ ਐਸ.ਵਾਈ.ਐਲ. ਦੀ ਉਸਾਰੀ ਦਾ ਮੁੱਢ ਬੰਨ੍ਹਣ ਦਾ ਸਿਹਰਾ ਪ੍ਰਕਾਸ਼ ਸਿੰਘ ਬਾਦਲ ਨੂੰ ਜਾਂਦਾ ਹੈ ਜਦੋਂ ਕਿ ਅਕਾਲੀ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਨੇ ਨਹਿਰ ਦੀ ਉਸਾਰੀ ਦਾ ਕੰਮ ਮੁਕੰਮਲ ਕਰਵਾਇਆ।

ਮੁੱਖ ਮੰਤਰੀ ਨੇ ਕਿਹਾ ਕਿ 2007 ਵਿਚ ਪ੍ਰਕਾਸ਼ ਸਿੰਘ ਬਾਦਲ ਨੇ ਐਲਾਨ ਕੀਤਾ ਸੀ ਕਿ ਅਕਾਲੀ ਸਰਕਾਰ ਦੇ ਸੱਤਾ ਵਿਚ ਆਉਣ 'ਤੇ 2004 ਦੇ ਐਕਟ ਦੀ ਧਾਰਾ 5 ਨੂੰ ਹਟਾ ਦਿੱਤਾ ਜਾਵੇਗਾ ਪਰ ਇਕ ਦਹਾਕਾ ਸੱਤਾ ਵਿਚ ਰਹਿਣ ਦੇ ਬਾਵਜੂਦ ਬਾਦਲ ਸਰਕਾਰ ਨੇ ਇਸ ਸੰਬਧੀ ਕੋਈ ਕਾਰਵਾਈ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਐਸ.ਵਾਈ.ਐਲ. ਮੁੱਦੇ 'ਤੇ ਸੁਪਰੀਮ ਕੋਰਟ 'ਚ ਪੰਜਾਬ ਦੇ ਖਿਲਾਫ ਸਾਲ 2002, 2004 ਅਤੇ 2016 'ਚ ਤਿੰਨ ਵਿਰੋਧੀ ਫੈਸਲੇ ਹੋਏ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਵਿੱਚੋਂ ਦੋ ਫੈਸਲੇ ਤਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਕਾਰ-ਜਕਾਲ ਦੌਰਾਨ ਆਏ ਸਨ ਪਰ ਵਕੀਲਾਂ 'ਤੇ ਅੰਨ੍ਹੇਵਾਹ ਪੈਸਾ ਖਰਚ ਕਰਨ ਦੇ ਬਾਵਜੂਦ ਉਨ੍ਹਾਂ ਨੇ ਇਨ੍ਹਾਂ ਫੈਸਲਿਆਂ ਦੀ ਢੁੱਕਵੇਂ ਢੰਗ ਨਾਲ ਪੈਰਵੀ ਨਹੀਂ ਕੀਤੀ।


ਮੁੱਖ ਮੰਤਰੀ ਨੇ ਦੁਹਰਾਇਆ ਕਿ ਸੂਬੇ ਕੋਲ ਕਿਸੇ ਹੋਰ ਰਾਜ ਨੂੰ ਦੇਣ ਲਈ ਕੋਈ ਵਾਧੂ ਪਾਣੀ ਨਹੀਂ ਹੈ, ਇਸ ਲਈ ਸਤਲੁਜ ਯਮੁਨਾ ਲਿੰਕ (ਐਸ.ਵਾਈ.ਐਲ.) ਨਹਿਰ ਦੀ ਬਜਾਏ ਹੁਣ ਇਸ ਪ੍ਰਾਜੈਕਟ ਨੂੰ ਯਮੁਨਾ ਸਤਲੁਜ ਲਿੰਕ (ਵਾਈ.ਐਸ.ਐਲ.) ਵਜੋਂ ਵਿਚਾਰਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਤਲੁਜ ਦਰਿਆ ਪਹਿਲਾਂ ਹੀ ਸੁੱਕ ਚੁੱਕਾ ਹੈ ਅਤੇ ਇਸ ਵਿੱਚੋਂ ਪਾਣੀ ਦੀ ਇੱਕ ਬੂੰਦ ਵੀ ਕਿਸੇ ਹੋਰ ਰਾਜ ਨੂੰ ਦੇਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦੇ ਉਲਟ ਗੰਗਾ ਅਤੇ ਯਮੁਨਾ ਦਾ ਪਾਣੀ ਸਤਲੁਜ ਦਰਿਆ ਰਾਹੀਂ ਪੰਜਾਬ ਨੂੰ ਸਪਲਾਈ ਕੀਤਾ ਜਾਣਾ ਚਾਹੀਦਾ ਹੈ ਅਤੇ ਉਹ ਇਹ ਮੁੱਦਾ ਕੇਂਦਰ ਸਰਕਾਰ ਕੋਲ ਵੀ ਉਠਾ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਕੋਲ ਪਾਣੀ ਦੀ ਘੱਟ ਉਪਲਬਧਤਾ ਦੇ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਪੇਸ਼ ਕੀਤਾ ਹੈ ਅਤੇ ਇਹ ਸੁਪਰੀਮ ਕੋਰਟ ਦੇ ਫੈਸਲੇ ਵਿੱਚ ਵੀ ਦਰਜ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਪਿਛਲੇ 30 ਸਾਲਾਂ ਤੋਂ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਿਹਾ ਹੈ ਅਤੇ ਹੁਣ ਵੀ ਇਸ ਮੁੱਦੇ 'ਤੇ ਲੋਕਾਂ ਨੂੰ ਗੁੰਮਰਾਹ ਵੀ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਦੇ ਵਕੀਲਾਂ ਨੇ ਨਹਿਰ ਮੁਕੰਮਲ ਹੋਣ ਸਬੰਧੀ ਕਿਤੇ ਵੀ ਕੋਈ ਜ਼ਿਕਰ ਨਹੀਂ ਕੀਤਾ।













LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES